ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 2 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਚੰਡੀਗੜ੍ਹ ਦੇ ਕਾਵੜੀਆਂ ਨਾਲ ਹਰਿਦੁਆਰ 'ਚ ਖੌਫਨਾਕ ਹਾਦਸਾ, ਇੱਕ ਨੂੰ ਬਚਾਉਂਦਿਆਂ ਗੰਗਾ 'ਚ ਡੁੱਬੇ ਚਾਰੇ ਨੌਜਵਾਨ

**ਹਰਿਦੁਆਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਹਰਿਦੁਆਰ ਦੇ ਗੰਗਾ ਨਹਿਰ ਖੇਤਰ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ। ਇੱਕ ਸ਼ਰਧਾਲੂ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਚਾਰ ਸ਼ਰਧਾਲੂ ਗੰਗਾ ਵਿੱਚ ਡੁੱਬ ਗਏ। ਸ਼ਰਧਾਲੂ ਜਟਵਾੜਾ ਪੁਲ ਦੇ ਨੇੜੇ ਗੰਗਾ ਨਹਿਰ ਦੇ ਵਿਚਕਾਰ ਨਹਾਉਣ ਲਈ ਗਏ ਸੀ, ਪਰ ਨਹਾਉਂਦੇ ਸਮੇਂ ਉਨ੍ਹਾਂ ਨਾਲ ਇਹ ਹਾਦਸਾ ਵਾਪਰ ਗਿਆ। ਦੱਸ ਦਈਏ ਕਿ ਚਾਰੇ ਨੌਜਵਾਨ, ਸ਼ਰਧਾਲੂਆਂ ਦੇ ਇੱਕ ਗਰੁੱਪ ਦਾ ਹਿੱਸਾ ਸਨ, ਜੋ ਚੰਡੀਗੜ੍ਹ ਤੋਂ ਗੰਗਾ ਜਲ ਲੈਣ ਲਈ ਹਰਿਦੁਆਰ ਆਏ ਸੀ ਅਤੇ 16 ਤੋਂ 18 ਸਾਲ ਦੇ ਵਿਚਕਾਰ ਦੱਸੀ ਜਾ ਰਹੀ ਹੈ। ਇਹ ਘਟਨਾ ਹਰਿਦੁਆਰ ਦੇ ਜਵਾਲਾਪੁਰ ਥਾਣਾ ਖੇਤਰ ਦੇ ਜਟਾਵਾੜਾ ਪੁਲ ਨੇੜੇ ਵਾਪਰੀ। ਜਟਾਵਾੜਾ ਪੁਲ ਨੇੜੇ ਨਹਿਰ ਵਿੱਚ ਨਹਾਉਂਦੇ ਸਮੇਂ ਚਾਰ ਨਾਬਾਲਗ ਸ਼ਰਧਾਲੂ ਡੁੱਬ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਅਤੇ ਜਲ ਪੁਲਿਸ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਬਚਾਅ ਕਾਰਜ ਚਲਾਇਆ, ਚਾਰਾਂ ਦੀਆਂ ਲਾਸ਼ਾਂ ਨੂੰ ਬਾਹਰ ਕੱਢ ਲਿਆ। ਸਾਰੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਜ਼ਿਲ੍ਹਾ ਹਸਪਤਾਲ ਭੇਜ ਦਿੱਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਸ਼ਰਧਾਲੂ ਚੰਡੀਗੜ੍ਹ ਤੋਂ ਇੱਕ ਸਮੂਹ ਨਾਲ ਗੰਗਾ ਜਲ ਇਕੱਠਾ ਕਰਨ ਲਈ ਹਰਿਦੁਆਰ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਗੰਗਾ ਨਹਿਰ ਵਿੱਚ ਪਾਣੀ ਦਾ ਪੱਧਰ ਗਾਰਾ ਹੋਣ ਕਾਰਨ ਘੱਟ ਗਿਆ ਸੀ, ਜਿਸ ਕਾਰਨ ਸ਼ਰਧਾਲੂ ਜਟਾਵਾੜਾ ਪੁਲ ਨੇੜੇ ਗੰਗਾ ਨਹਿਰ ਦੇ ਵਿਚਕਾਰ ਨਹਾਉਣ ਗਏ, ਪਰ ਉਹ ਡੂੰਘਾਈ ਦਾ ਪਤਾ ਲਗਾਉਣ ਵਿੱਚ ਅਸਫਲ ਰਹੇ।

## ਪੰਜਾਬ ਕਾਂਗਰਸ 'ਚ ਵੱਡਾ ਕਲੇਸ਼ ! ਵਰਕਰਾਂ 'ਚ ਹੋਈ ਮਾਰ ਕੁੱਟ ਤੇ ਚੱਲੀਆਂ ਕੁਰਸੀਆਂ

# ਬਘੇਲ 'ਮੁਰਦਾਬਾਦ' ਅਤੇ 'ਚੰਨੀ ਜ਼ਿੰਦਾਬਾਦ' ਦੇ ਲਾਏ ਨਾਅਰੇ !

**ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਸੰਗਰੂਰ ਵਿੱਚ ਕਾਂਗਰਸੀ ਵਰਕਰਾਂ ਵਿੱਚ ਝੜਪ ਹੋ ਗਈ। ਭੁਪੇਸ਼ ਬਘੇਲ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ; ਇੱਕ ਦੂਜੇ 'ਤੇ ਕੁਰਸੀਆਂ ਸੁੱਟੀਆਂ ਗਈਆਂ, ਅਤੇ "ਚਰਨਜੀਤ ਚੰਨੀ ਜ਼ਿੰਦਾਬਾਦ" ਦੇ ਨਾਅਰੇ ਲਗਾਏ ਗਏ। ਇਸ ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਪਹਿਲਾਂ ਤਾਲਮੇਲ



ਕਮੇਟੀ ਦੇ ਚੇਅਰਮੈਨ ਵਿਜੇ ਇੰਦਰ ਸਿੰਗਲਾ ਕਰਦੇ ਸਨ। ਕੈਲੀਫੋਰਨੀਆ ਰਿਜ਼ੋਰਟ ਵਿੱਚ ਹੋਏ ਸਮਾਗਮ ਵਿੱਚ ਵੜਿੰਗ, ਭੱਠਲ ਅਤੇ ਵਿਜੇ ਇੰਦਰ ਸਿੰਗਲਾ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਸਮਾਣਾ, ਪਟਿਆਲਾ ਵਿੱਚ ਇੱਕ ਸਮਾਗਮ ਦੌਰਾਨ, ਚੰਨੀ ਦੇ ਸਮਰਥਕਾਂ ਨੇ ਰਾਜਾ ਵੜਿੰਗ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਵੜਿੰਗ ਦਾ ਮਜ਼ਾਕ ਉਡਾਇਆ ਅਤੇ ਚੰਨੀ ਦੇ ਸਮਰਥਨ ਵਿੱਚ ਉੱਚੀ ਨਾਅਰੇਬਾਜ਼ੀ ਕੀਤੀ। ਜਿਵੇਂ ਹੀ ਰਾਜਾ ਵੜਿੰਗ ਨੇ ਬੋਲਣਾ ਸ਼ੁਰੂ ਕੀਤਾ, ਸਮਰਥਕਾਂ ਨੇ ਚੰਨੀ ਦੇ ਹੱਕ ਵਿੱਚ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਉਨ੍ਹਾਂ ਨੇ "ਚੰਨੀ ਲਿਆਓ, ਪੰਜਾਬ ਬਚਾਓ" ਅਤੇ "ਚੰਨੀ ਲਿਆਓ, ਕਾਂਗਰਸ ਬਚਾਓ" ਵਰਗੇ ਨਾਅਰੇ ਲਗਾਏ। ਇਸ ਨਾਲ ਰਾਜਾ ਵੜਿੰਗ ਗੁੱਸੇ ਵਿੱਚ ਆ ਗਏ, ਜਿਨ੍ਹਾਂ ਨੇ ਇਹ ਜਾਣਨ ਦੀ ਮੰਗ ਕੀਤੀ ਕਿ ਉਹ ਅਜਿਹੇ ਨਾਅਰੇ ਕਿਉਂ ਲਗਾ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰੋਗਰਾਮ ਵਿੱਚ ਵਿਘਨ ਪਾਉਣ ਵਾਲਿਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਪਾਰਟੀ ਇੰਚਾਰਜ ਭੁਪੇਸ਼ ਬਘੇਲ ਦੇ ਦੌਰੇ ਦਾ ਬਾਈਕਾਟ ਕੀਤਾ ਹੈ। ਪੰਜਾਬ ਵਿੱਚ ਬੂਥ-ਪੱਧਰੀ ਸੰਗਠਨ ਨੂੰ ਮਜ਼ਬੂਤ ਕਰਨ ਦੀ ਇਸ ਮੁਹਿੰਮ ਦੀ ਅਗਵਾਈ ਸੂਬਾ ਇਕਾਈ ਦੇ ਮੁਖੀ ਰਾਜਾ ਵੜਿੰਗ ਕਰ ਰਹੇ ਹਨ; ਨਤੀਜੇ ਵਜੋਂ, ਚੰਨੀ ਅਤੇ ਸੰਸਦ ਮੈਂਬਰ ਸੁਖਜਿੰਦਰ ਰੰਧਾਵਾ ਜੋ ਉਨ੍ਹਾਂ ਦੇ ਨਾਲ ਹਨ ਇਸ ਪਹਿਲਕਦਮੀ ਤੋਂ ਦੂਰ ਰਹੇ। ਚੰਨੀ ਕੱਲ੍ਹ (ਸ਼ੁੱਕਰਵਾਰ) ਫਤਿਹਗੜ੍ਹ ਸਾਹਿਬ ਵਿੱਚ ਹੋਏ ਸਮਾਗਮ ਵਿੱਚ ਸ਼ਾਮਲ ਨਹੀਂ ਹੋਏ; ਸਿਰਫ਼ ਰਾਜਾ ਵੜਿੰਗ ਅਤੇ ਉਨ੍ਹਾਂ ਦੇ ਧੜੇ ਦੇ ਆਗੂ ਹੀ ਮੌਜੂਦ ਸਨ। ਸਮਾਗਮ ਵਿੱਚ, ਵੜਿੰਗ ਨੇ ਦਾਅਵਾ ਕੀਤਾ ਕਿ 'ਆਪ' ਦੇ ਛੇ ਸੰਸਦ ਮੈਂਬਰਾਂ ਦੇ ਜਾਣ ਤੋਂ ਬਾਅਦ, 40 ਤੋਂ 45 ਵਿਧਾਇਕ ਵੀ ਪਾਰਟੀ ਛੱਡ ਸਕਦੇ ਹਨ, ਕਿਉਂਕਿ ਉਨ੍ਹਾਂ ਨੂੰ 2027 ਦੀਆਂ ਚੋਣਾਂ ਲਈ ਟਿਕਟਾਂ ਤੋਂ ਇਨਕਾਰ ਕੀਤੇ ਜਾਣ ਦਾ ਡਰ ਹੈ। ਇਸ ਮਾਮਲੇ ਸਬੰਧੀ ਇੱਕ ਗੁਪਤ ਮੀਟਿੰਗ ਪਹਿਲਾਂ ਹੀ ਹੋ ਚੁੱਕੀ ਹੈ।

## ਬੇਅਦਬੀ ਕਾਨੂੰਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਕਮੇਟੀ ਨਾਲ ਰਾਬਤਾ ਕਰੇ ਸਰਕਾਰ : ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਸਰਕਾਰ ਨੂੰ ਬੇਅਦਬੀ ਕਨੂੰਨ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਉੱਚ ਪੱਧਰੀ ਕਮੇਟੀ ਨਾਲ ਬੈਠ ਕੇ ਵਿਚਾਰ-ਵਟਾਂਦਰਾ ਕਰਦਿਆਂ ਸੋਧ ਬਾਰੇ ਫੈਸਲਾ ਲੈਣਾ ਚਾਹੀਦਾ ਹੈ। ਜੇਕਰ ਸਰਕਾਰ ਸੱਚੇ ਮਨ ਨਾਲ ਸਥਾਈ ਹੱਲ ਕਰਨਾ ਚਾਹੁੰਦੀ ਹੈ ਤਾਂ ਉਸ ਨੂੰ ਕਿਸੇ ਤਰ੍ਹਾਂ ਦੀ ਚਲਾਕੀ ਨਹੀਂ ਕਰਨੀ ਚਾਹੀਦੀ। ਇਹ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਰੀ ਪੀਰੀ ਖਾਲਸਾ ਮਾਰਚ ਦੇ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਤੋਂ ਸ੍ਰੀ ਮੁਕਤਸਰ ਸਾਹਿਬ ਦੇ ਰਾਹ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੁਝਾਈਆਂ ਸੋਧਾਂ ਕਰਨ ਨਾਲ ਨਾ ਸਿਰਫ਼ ਇੱਕ ਸਰਬਪੱਖੀ ਅਤੇ ਪ੍ਰਭਾਵਸ਼ਾਲੀ ਸਤਿਕਾਰ ਐਕਟ ਬਣੇਗਾ, ਸਗੋਂ ਸਮਾਜ ਵਿੱਚ ਭਰੋਸੇ ਅਤੇ ਸਦਭਾਵਨਾ ਦਾ ਮਾਹੌਲ ਵੀ ਮਜ਼ਬੂਤ ਹੋਵੇਗਾ। ਜਥੇਦਾਰ ਗੜਗੱਜ ਨੇ ਇਹ ਵੀ ਕਿਹਾ ਕਿ ਛੇਵੇਂ ਪਾਤਸ਼ਾਹ ਵੱਲੋਂ ਬਖਸ਼ਿਆ ਮੀਰੀ ਪੀਰੀ ਦਾ ਸਿਧਾਂਤ ਸਿੱਖ ਨੂੰ ਧਰਮ ਅਧੀਨ ਰਾਜਨੀਤੀ ਦੀ ਪ੍ਰੇਰਨਾ ਦਿੰਦਾ ਹੈ। ਜੋ ਲੋਕ ਧਰਮ ਅਤੇ ਰਾਜਨੀਤੀ ਨੂੰ ਵੱਖ ਕਰਨ ਦੀ ਗੱਲ ਕਰਦੇ ਹਨ ਉਹ ਸਿੱਖ ਸਿਧਾਂਤਾਂ ਦੀ ਸਮਝ ਨਹੀਂ



ਰੱਖਦੇ। ਅੱਜ ਸਮੇਂ ਦੀ ਲੋੜ ਹੈ ਕਿ ਸਿੱਖ ਨੂੰ ਸਿਆਸੀ ਤੌਰ ਤੇ ਵੀ ਮਜ਼ਬੂਤ ਹੋਵੇ। ਉਨ੍ਹਾਂ ਕਿਹਾ ਕਿ ਜਦੋਂ ਵੀ ਅਸੀਂ ਬਾਣੀ, ਗੁਰਮਤਿ ਸਿਧਾਂਤਾਂ ਅਤੇ ਪੰਥਕ ਏਕਤਾ ਤੋਂ ਦੂਰ ਹੋਏ, ਤਾਂ ਵਿਰੋਧੀ ਤਾਕਤਾਂ ਨੇ ਸਾਡੀਆਂ ਸੰਸਥਾਵਾਂ ਤੇ ਹਮਲੇ ਕੀਤੇ। ਅੱਜ ਵੀ ਹਕੂਮਤਾਂ ਪੰਥ ਦੇ ਮਾਮਲਿਆਂ ਵਿਚ ਦਖਲ ਦੇਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਸੰਗਤਾਂ ਨੂੰ ਗੁਰੂ ਦੋਖੀ ਤੇ ਖਾਲਸਾ ਪੰਥ ਵਿਰੋਧੀ ਤਾਕਤਾਂ ਤੋਂ ਸੁਚੇਤ ਰਹਿਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਜੈਤੋ ਮੋਰਚੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਹਾਰਾਜਾ ਰਿਪੁਦਮਨ ਸਿੰਘ ਨੂੰ ਗੱਦੀ ਤੋਂ ਲਾਹੇ ਜਾਣਾ ਕੇਵਲ ਸਿਆਸੀ ਮਸਲਾ ਨਹੀਂ ਸੀ, ਸਗੋਂ ਸਿੱਖਾਂ ਦੀ ਧਾਰਮਿਕ ਆਜ਼ਾਦੀ ਅਤੇ ਸਵੈਮਾਨ ਉੱਤੇ ਹਮਲਾ ਸੀ।

## 'ਕਰਤਾਰਪੁਰ ਰਾਹਦਾਰੀ ਖੋਲ੍ਹਣਾ ਹਜ਼ਾਰਾਂ-ਲੱਖਾਂ ਸ਼ਰਧਾਲੂਆਂ ਦੀ ਮੰਗ', ਸਾਈਂ ਸਈਅਦ ਅਲੀ ਰਜ਼ਾ ਕਾਦਰੀ ਦੀ ਭਾਰਤ ਸਰਕਾਰ ਨੂੰ ਅਪੀਲ

**ਕਰਤਾਰਪੁਰ ਸਾਹਿਬ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਲਾਹੌਰ (ਪਾਕਿਸਤਾਨ) ਗੱਦੀ ਨਸ਼ੀਨ ਸਾਈ ਮੀਆ ਮੀਰ ਕਾਦਰੀ ਸਾਈਂ ਸਈਅਦ ਅਲੀ ਰਜ਼ਾ ਕਾਦਰੀ ਨੇ ਭਾਰਤ ਸਰਕਾਰ



ਨੂੰ ਕਰਤਾਰਪੁਰ ਸਾਹਿਬ ਰਾਹਦਾਰੀ ਜਲਦ ਤੋਂ ਜਲਦ ਖੋਲ੍ਹਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਵੀਜ਼ਾ ਨੀਤੀ ਵਿੱਚ ਕੁਝ ਨਰਮੀ ਲਿਆਂਦੀ ਜਾਣਾ ਇੱਕ ਸਵਾਗਤਯੋਗ ਕਦਮ ਹੈ, ਪਰ ਇਸ ਦੇ ਨਾਲ ਹੀ ਹਜ਼ਾਰਾਂ-ਲੱਖਾਂ ਸ਼ਰਧਾਲੂਆਂ ਦੀ ਮੰਗ ਹੈ ਕਿ ਕਰਤਾਰਪੁਰ ਲਾਂਘੇ ਨੂੰ ਵੀ ਮੁੜ ਖੋਲ੍ਹਿਆ ਜਾਵੇ ਤਾਂ ਜੋ ਸੰਗਤਾਂ ਆਪਣੇ ਪਵਿੱਤਰ ਅਸਥਾਨਾਂ ਦੇ ਖੁੱਲ੍ਹੇ ਦਰਸ਼ਨ ਕਰ ਸਕਣ। ਅਲੀ ਰਜ਼ਾ ਕਾਦਰੀ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਰੋਜ਼ਾਨਾ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਧਰਤੀ ਨਾਲ ਜੁੜੀ ਸੇਵਾ ਅਤੇ ਲੰਗਰ ਦੀ ਪ੍ਰੰਪਰਾ ਨਿਰੰਤਰ ਚੱਲ ਰਹੀ ਹੈ। ਉਨ੍ਹਾਂ ਅਫ਼ਸੋਸ ਜਤਾਇਆ ਕਿ ਲਾਂਘਾ ਬੰਦ ਹੋਣ ਕਾਰਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਦਰਸ਼ਨਾਂ ਤੋਂ ਵਾਂਝੇ ਰਹਿ ਰਹੇ ਹਨ, ਜਿਸ ਕਾਰਨ ਉਨ੍ਹਾਂ ਦੇ ਮਨ ਵਿੱਚ ਇੱਕ ਅਧੂਰੀ ਇੱਛਾ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨ ਲੋਕਾਂ ਨੂੰ ਆਪਸ ਵਿੱਚ ਜੋੜਨ ਅਤੇ ਅਮਨ, ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦੇਣ ਲਈ ਹੁੰਦੇ ਹਨ। ਗੁਰਦੁਆਰੇ, ਮਸਜਿਦਾਂ, ਮੰਦਰ ਅਤੇ ਗਿਰਜਾਘਰ ਕਿਸੇ ਨੂੰ ਵੰਡਣ ਨਹੀਂ, ਸਗੋਂ ਮਨੁੱਖਤਾ ਨੂੰ ਇੱਕਜੁੱਟ ਕਰਨ ਦਾ ਸੰਦੇਸ਼ ਦਿੰਦੇ ਹਨ। ਇਸ ਲਈ ਧਾਰਮਿਕ ਸਥਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਿਆਸਤ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਕਰਤਾਰਪੁਰ ਆਉਣ ਵਾਲਾ ਹਰ ਸ਼ਰਧਾਲੂ ਅਮਨ, ਮੁਹੱਬਤ ਅਤੇ ਭਾਈਚਾਰੇ ਦਾ ਸੰਦੇਸ਼ ਲੈ ਕੇ ਵਾਪਸ ਜਾਂਦਾ ਹੈ ਅਤੇ ਦੋਵੇਂ ਦੇਸ਼ਾਂ ਵਿਚਾਲੇ ਚੰਗੇ ਸਬੰਧਾਂ ਲਈ ਅਰਦਾਸ ਕਰਦਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਜੇਕਰ ਕਰਤਾਰਪੁਰ ਰਾਹਦਾਰੀ ਮੁੜ ਖੋਲ੍ਹੀ ਜਾਂਦੀ ਹੈ ਤਾਂ ਇਹ ਦੋਵੇਂ ਦੇਸ਼ਾਂ ਦੇ ਲੋਕਾਂ ਵਿਚਕਾਰ ਆਪਸੀ ਭਰੋਸੇ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰੇਗੀ। ਅਲੀ ਰਜ਼ਾ ਕਾਦਰੀ ਨੇ ਇਹ ਵੀ ਕਿਹਾ ਕਿ ਜਿਸ ਤਰ੍ਹਾਂ ਪਾਕਿਸਤਾਨ ਵਿੱਚ ਰਹਿਣ ਵਾਲੇ ਲੋਕ ਭਾਰਤ ਦੇ ਧਾਰਮਿਕ ਅਸਥਾਨਾਂ ਜਿਵੇਂ ਅਜਮੇਰ ਸ਼ਰੀਫ਼ ਅਤੇ ਪਾਣੀਪਤ ਵਿਖੇ ਹਜ਼ਰਤ ਬੂ ਅਲੀ ਕਲੰਦਰ ਦੀ ਦਰਗਾਹ ਦੇ ਦਰਸ਼ਨ ਕਰਨ ਦੀ ਇੱਛਾ ਰੱਖਦੇ ਹਨ, ਉਸੇ ਤਰ੍ਹਾਂ ਭਾਰਤ ਦੀ ਸੰਗਤ ਵੀ ਪਾਕਿਸਤਾਨ ਸਥਿਤ ਆਪਣੇ ਪਵਿੱਤਰ ਗੁਰਧਾਮਾਂ ਦੇ ਦਰਸ਼ਨਾਂ ਲਈ ਉਤਸੁਕ ਹੈ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਕਰਤਾਰਪੁਰ ਰਾਹਦਾਰੀ ਮੁੜ ਸ਼ੁਰੂ ਕਰਨ ਦੇ ਨਾਲ-ਨਾਲ ਵੀਜ਼ਾ ਨੀਤੀ ਨੂੰ ਹੋਰ ਸਰਲ ਬਣਾਇਆ ਜਾਵੇ ਤਾਂ ਜੋ ਦੋਵੇਂ ਦੇਸ਼ਾਂ ਦੇ ਸ਼ਰਧਾਲੂ ਆਪਣੇ-ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਸਕਣ।

## ਪ੍ਰਧਾਨ ਮੰਤਰੀ ਜੀ, ਗਾਲ੍ਹਾਂ ਤਾਂ ਬੱਚਿਆਂ ਨੇ ਗੀਤਾਂ ਤੇ ਓਟੀਟੀ ਤੋਂ ਹੀ ਤੋਂ ਹੀ ਸਿੱਖੀਆਂ ਹਨ... : ਗਾਇਕ ਜਸਬੀਰ ਸਿੰਘ ਜੱਸੀ ਨੇ ਦਿੱਤਾ ਠੋਕਵਾਂ ਜਵਾਬ



**ਨਵੀਂ ਦਿੱਲੀ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁੱਕਰਵਾਰ ਵੀਡੀਓ ਜਾਰੀ ਕਰਕੇ ਕਾਕਰੋਚ ਜਨਤਾ ਪਾਰਟੀ 'ਚ ਇੱਕ ਕੁੜੀ ਵੱਲੋਂ ਬੋਲੀ ਮੰਦਭਾਗੀ ਸ਼ਬਦਾਵਲੀ ਨੂੰ ਲੈ ਕੇ ਜਿਥੇ ਸਵਾਲ ਚੁੱਕੇ ਸਨ, ਉਥੇ ਹੀ ਇਸ ਦੀ ਸਖਤ ਨਿੰਦਾ ਵੀ ਕੀਤੀ। ਉਧਰ, ਸ਼ਬਦਾਵਲੀ ਵਰਤਣ ਵਾਲੀ ਕੁੜੀ ਨੇ ਦਿੱਲੀ ਪੁਲਿਸ ਵੱਲੋਂ ਕੇਸ ਦਰਜ ਕਰਨ ਉਪਰੰਤ ਸੋਸ਼ਲ ਮੀਡੀਆ 'ਤੇ ਆ ਕੇ ਮੁਆਫ਼ੀ ਵੀ ਮੰਗੀ। ਇਸ ਸਾਰੇ ਘਟਨਾਕ੍ਰਮ 'ਤੇ ਹੁਣ ਪੰਜਾਬੀ ਗਾਇਕ ਜਸਬੀਰ ਸਿੰਘ ਜੱਸੀ ਦੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਉਨ੍ਹਾਂ ਨੇ ਪੀਐਮ ਮੋਦੀ ਨੂੰ ਉਨ੍ਹਾਂ ਦੀ ਵੀਡੀਓ 'ਤੇ ਵੀ ਜਵਾਬ ਦਿੱਤਾ ਹੈ। ਗਾਇਕ ਜੱਸੀ ਨੇ ਪੀਐਮ ਮੋਦੀ ਵੱਲੋਂ ਜਾਰੀ ਵੀਡੀਓ 'ਤੇ ਪ੍ਰਤੀਕਿਰਿਆ ਦਿੰਦਿਆਂ ਆਪਣੇ ਸੋਸ਼ਲ ਮੀਡੀਆ 'ਤੇ ਲਿਖਿਆ, "ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਕਹਿ ਰਹੇ ਸਨ ਕਿ ਬੱਚੇ ਬਹੁਤ ਗਾਲਾਂ ਕੱਢਦੇ ਹਨ। ਪਰ ਪ੍ਰਧਾਨ ਮੰਤਰੀ ਜੀ, ਬੱਚਿਆਂ ਨੇ ਇਹ ਗਾਲਾਂ ਗੀਤਾਂ ਅਤੇ ਓਟੀਟੀ ਪਲੇਟਫਾਰਮਾਂ ਤੋਂ ਹੀ ਸਿੱਖੀਆਂ ਹਨ।" ਦੱਸ ਦਈਏ ਕਿ ਪ੍ਰਧਾਨ ਮੰਤਰੀ ਮੋਦੀ ਨੇ ਇੰਸਟਾਗਰਾਮ 'ਤੇ ਵੀਡੀਓ ਸੰਦੇਸ਼ ਰਾਹੀਂ ਦੇਸ਼ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਪੂਰੇ ਦੇਸ਼ ਅਤੇ ਦੁਨੀਆ ਨੇ ਇਸ ਘਟਨਾ ਨੂੰ ਦੇਖਿਆ ਹੈ ਅਤੇ ਅਜਿਹੀ ਭਾਸ਼ਾ ਕਿਸੇ ਵੀ ਸਭਿਅਕ ਸਮਾਜ ਨੂੰ ਸ਼ੋਭਾ ਨਹੀਂ ਦਿੰਦੀ। ਉਨ੍ਹਾਂ ਕਿਹਾ ਕਿ ਸ਼ਰਾਰਤੀ ਬੱਚਿਆਂ ਨੇ ਮੈਨੂੰ ਅਤੇ ਮੇਰੀ ਮਾਂ ਨੂੰ ਗਾਲਾਂ ਕੱਢੀਆਂ ਪਰ ਮੈਂ ਉਨ੍ਹਾਂ ਨੂੰ ਮੁਆਫ਼ ਕਰਨਾ ਚਾਹੁੰਦਾ ਹਾਂ। ਉਨ੍ਹਾਂ ਕੁੜੀਆਂ ਦੇ ਅਜਿਹੀ ਭਾਸ਼ਾ ਵਰਤਣ 'ਤੇ ਚਿੰਤਾ ਪ੍ਰਗਟਾਈ।

'ਪ੍ਰਧਾਨ ਮੰਤਰੀ ਜੀ, ਮੈਂ 1000 ਗੀਤਾਂ ਦੀ ਸੂਚੀ ਭੇਜ ਦਿੰਦਾ ਹਾਂ...'

ਜਸਬੀਰ ਜੱਸੀ ਨੇ ਪੀਐਮ ਮੋਦੀ ਨੂੰ ਓਟੀਟੀ ਆਦਿ ਸੋਸ਼ਲ ਮੀਡੀਆ 'ਤੇ ਚਲਦੇ ਭੱਦੀ ਸ਼ਬਦਾਵਲੀ ਵਾਲੇ ਸ਼ੋਅਜ਼ ਅਤੇ ਹੋਰ ਪ੍ਰੋਗਰਾਮਾਂ 'ਤੇ ਲਗਾਮ ਲਾਉਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਗਾਲਾਂ ਵਾਲਾ ਸਿਸਟਮ ਬੱਚਿਆਂ ਨੂੰ ਇਥੋਂ ਹੀ ਸਿੱਖਣ ਨੂੰ ਮਿਲਦਾ ਹੈ, ਜਿਥੋ ਬੱਚੇ ਗਾਲਾਂ ਸਿੱਖਦੇ ਹਨ।

ਆਪਣੀ ਗੱਲ 'ਚ ਗਾਇਕ ਨੇ ਕਿਹਾ, "ਪੀਐਮ ਜੀ, ਜੇ ਤੁਸੀਂ ਮੈਨੂੰ ਕਹੋ ਤਾਂ ਮੈਂ ਤੁਹਾਨੂੰ ਅਜਿਹੇ 1,000 ਗੀਤਾਂ ਦੀ ਸੂਚੀ ਭੇਜ ਸਕਦਾ ਹਾਂ। ਇਹ ਸਿਰਫ਼ ਸੱਭਿਆਚਾਰਕ ਝਟਕਾ ਨਹੀਂ, ਸਗੋਂ ਸੱਭਿਆਚਾਰਕ ਅਪਰਾਧ ਹੈ, ਜਿਸ ਨੂੰ ਸਾਨੂੰ ਰੋਕਣਾ ਚਾਹੀਦਾ ਸੀ, ਪਰ ਅਸੀਂ ਅਜੇ ਵੀ ਇਸ ਨੂੰ ਨਹੀਂ ਰੋਕ ਰਹੇ।"

## ਭਾਰਤ-ਚੀਨ ਨੇ 6 ਸਾਲ ਬਾਅਦ ਮੁੜ ਖੋਲ੍ਹੀਆਂ ਸਰਹੱਦਾਂ, ਇਨ੍ਹਾਂ 36 ਚੀਜ਼ਾਂ ਦਾ ਹੋਵੇਗਾ ਵਪਾਰ




**ਨਵੀਂ ਦਿੱਲੀ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਭਾਰਤ ਅਤੇ ਚੀਨ ਵਿਚਕਾਰ ਵਪਾਰਕ ਰਸਤੇ ਅੱਜ ਤੋਂ ਉੱਤਰਾਖੰਡ ਦੇ ਲਿਪੁਲੇਖ ਦੱਰੇ ਅਤੇ ਸਿੱਕਮ ਦੇ ਨਾਥੂ ਲਾ ਦੱਰੇ ਰਾਹੀਂ ਮੁੜ ਖੁੱਲ੍ਹ ਰਹੇ ਹਨ। ਸਿੱਕਮ ਰਾਹੀਂ ਸਿਲਕ ਰੂਟ 1 ਅਗਸਤ ਤੋਂ ਦੁਬਾਰਾ ਖੁੱਲ੍ਹ ਗਿਆ। ਦੋਵਾਂ ਦੇਸ਼ਾਂ ਵਿਚਕਾਰ ਸਰਹੱਦੀ ਵਪਾਰ ਛੇ ਸਾਲਾਂ ਬਾਅਦ ਪੁਰਾਣੇ ਸਿਲਕ ਰੂਟ ਰਾਹੀਂ ਮੁੜ ਸ਼ੁਰੂ ਹੋਵੇਗਾ, ਜੋ ਕਿ ਕੋਰੋਨਾ ਮਹਾਂਮਾਰੀ ਕਾਰਨ ਬੰਦ ਹੋ ਗਿਆ ਸੀ। ਨਾਥੂ ਲਾ ਰਾਹੀਂ ਸਰਹੱਦੀ ਵਪਾਰ ਪਹਿਲੀ ਵਾਰ 6 ਜੁਲਾਈ, 2006 ਨੂੰ ਸ਼ੁਰੂ ਹੋਇਆ ਸੀ। ਇਹ ਪੁਰਾਣਾ ਸਿਲਕ ਰੂਟ ਹੈ, ਜਿੱਥੇ ਦੋਵਾਂ ਦੇਸ਼ਾਂ ਵਿਚਕਾਰ ਸਦੀਆਂ ਤੋਂ ਵਪਾਰ ਚੱਲ ਰਿਹਾ ਹੈ। ਇਹ ਸਰਹੱਦ ਮਈ ਤੋਂ ਨਵੰਬਰ ਦੇ ਵਿਚਕਾਰ ਛੇ ਮਹੀਨਿਆਂ ਲਈ ਖੁੱਲ੍ਹੀ ਰਹੇਗੀ। ਦਿਸ਼ਾ-ਨਿਰਦੇਸ਼ਾਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਸਰਹੱਦ ਸੋਮਵਾਰ ਤੋਂ ਵੀਰਵਾਰ ਤੱਕ ਵਪਾਰ ਲਈ ਖੁੱਲ੍ਹੀ ਰਹੇਗੀ, ਅਤੇ ਦੋਵੇਂ ਦੇਸ਼ 36 ਪ੍ਰਵਾਨਿਤ ਸਾਮਾਨ ਦੀ ਮੌਜੂਦਾ ਸੂਚੀ ਨੂੰ ਬਣਾਈ ਰੱਖਣਗੇ। ਨਾਥੂ ਲਾ ਏਕੀਕ੍ਰਿਤ ਚੈੱਕਪੋਸਟ, ਜੋ ਲੰਬੇ ਸਮੇਂ ਤੱਕ ਬੰਦ ਰਹਿਣ ਅਤੇ ਕਠੋਰ ਹਿਮਾਲਿਆਈ ਸਰਦੀਆਂ ਕਾਰਨ ਨੁਕਸਾਨੀ ਗਈ ਸੀ, ਦੀ ਮੁਰੰਮਤ ਕਰਕੇ ਦੁਬਾਰਾ ਖੋਲ੍ਹ ਦਿੱਤੀ ਗਈ ਹੈ। ਨਾਥੂ ਲਾ ਵਿਖੇ ਵਾਧੂ ਇੰਡੋ-ਤਿੱਬਤੀ ਸਰਹੱਦੀ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਜਾਣਗੇ। ਪਹਿਲੀ ਵਾਰ, ਸਰਹੱਦ ਪਾਰ ਵਪਾਰ ਵਿੱਚ ਸਹਾਇਤਾ ਲਈ ਔਰਤਾਂ ਦੀ ਇੱਕ ਪੂਰੀ ਪਲਟੂਨ ਵੀ ਤਾਇਨਾਤ ਕੀਤੀ ਜਾਵੇਗੀ। ਭਾਰਤ ਚੀਨ ਨੂੰ 36 ਪ੍ਰਵਾਨਿਤ ਉਤਪਾਦ ਨਿਰਯਾਤ ਕਰ ਸਕਦਾ ਹੈ। ਇਨ੍ਹਾਂ ਵਿੱਚ ਦਸਤਕਾਰੀ, ਹੱਥ ਨਾਲ ਬਣੇ ਸਾਮਾਨ, ਕੰਬਲ, ਖੇਤੀਬਾੜੀ ਸੰਦ, ਪ੍ਰੋਸੈਸਡ ਭੋਜਨ, ਸੁੱਕੀਆਂ ਸਬਜ਼ੀਆਂ, ਮਸਾਲੇ, ਤਿਆਰ ਕੱਪੜੇ, ਭਾਂਡੇ ਅਤੇ ਰਵਾਇਤੀ ਧਾਰਮਿਕ ਵਸਤੂਆਂ ਸ਼ਾਮਲ ਹਨ। ਤਿੱਬਤ ਤੋਂ ਆਯਾਤ ਵਿੱਚ ਤਿਆਰ ਕੱਪੜੇ, ਜੁੱਤੇ, ਯਾਕ ਉਤਪਾਦ, ਮੱਖਣ, ਬੋਰੈਕਸ, ਬੱਕਰੀਆਂ, ਰਜਾਈ ਅਤੇ ਹੋਰ ਪ੍ਰਵਾਨਿਤ ਵਸਤੂਆਂ ਸ਼ਾਮਲ ਹਨ। ਇੱਕ ਵਪਾਰਕ ਸੀਜ਼ਨ ਦੌਰਾਨ 400 ਵਪਾਰੀਆਂ ਨੂੰ ਪਰਮਿਟ ਜਾਰੀ ਕੀਤੇ ਜਾਣੇ ਹਨ। ਹਾਲਾਂਕਿ, ਅਧਿਕਾਰੀਆਂ ਦਾ ਕਹਿਣਾ ਹੈ ਕਿ ਹੁਣ ਤੱਕ ਸਿਰਫ਼ ਕੁਝ ਪਾਸ ਹੀ ਮਨਜ਼ੂਰ ਕੀਤੇ ਗਏ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਪਥਪ੍ਰਦਰਸ਼ਕ ਸ਼ਬਦ ਸੱਚੀ ਟਕਸਾਲ ॥ — ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---


ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਆਵਾਜ਼ਿ ਕੌਮ
AWAZE QAUM
International Newspaper & WEB TV
Gurmat
KATHA SAMAGAM
GIANI RAJPAL SINGH JI BOPARAI
Kathavachak
Gurdwara Shaheedan Baba Nihal Singh Ji, Talhan Sahib Wale
Whatsapp: +91 9478897960
27 JULY
TO
2 AUG 2026
DAILY : 6:00 AM TO 6:45 AM
6:00 PM TO 7.00 PM
SUNDAY 2 AUG 2026
11:40 AM TO 12: 45 AM
VENUE:
GURU NANAK GURDWARA, WALSALL, ENGLAND
162 W Bromwich St, Walsall WS1 4DE

### ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਏਅਰਪੋਰਟ 'ਤੇ

# ਸੰਤ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਦਾ ਨਿੱਘਾ ਸੁਆਗਤ







**ਚੌਕ ਮਹਿਤਾ, 1 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਅੰਗੀਠਾ ਸਾਹਿਬ ਦੇ ਮੌਜੂਦਾ ਮੁੱਖੀ ਸੰਤ ਬਾਬਾ ਬੁੱਧ ਸਿੰਘ ਜੀ ਅਤੇ ਉਨ੍ਹਾਂ ਦੇ ਸਪੁੱਤਰ ਸਮਾਜ ਸੇਵੀ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਏਅਰਪੋਰਟ ਤੇ ਪਾਉਚਣ ਤੇ ਸਾਧ ਸੰਗਤ ਨਿੱਘਾ ਸੁਆਗਤ ਕੀਤਾ। ਇਸ ਮੌਕੇ ਤੇ ਫੁੱਲਾਂ ਦੇ ਗੁਲਦਸਤੇ ਹਾਰ ਅਤੇ ਫੁੱਲਾਂ ਦੀ ਵਰਖਾ ਕਰਕੇ ਬਹੁਤ ਨਿੱਘਾ ਸੁਆਗਤ ਕੀਤਾ ।

### ਕਰਤਾਰਪੁਰ ਸਾਹਿਬ ਲਾਂਘਾ ਬੰਦ ਰੱਖਣਾ ਸਿੱਖ ਕੌਮ ਨਾਲ ਵਾਅਦਾ-ਖ਼ਿਲਾਫ਼ੀ

# ਸਰਕਾਰ ਨਾਕਾਮ ਸਲਾਹਕਾਰਾਂ ਦੇ ਘੇਰੇ 'ਚ - ਭਾਈ ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 1 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕੇਂਦਰ ਸਰਕਾਰ ਵੱਲੋਂ ਸੁਰੱਖਿਆ ਦਾ ਹਵਾਲਾ ਦੇ ਕੇ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਤੋਂ ਇਨਕਾਰ ਕਰਨ ਨੂੰ ਕਰੋੜਾਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ 'ਤੇ ਸਿੱਧਾ ਪ੍ਰਹਾਰ ਹੈ ਤੇ ਇਹ ਫ਼ੈਸਲਾ ਸੁਰੱਖਿਆ ਨਾਲੋਂ ਵੱਧ ਸਰਕਾਰ ਦੀ ਨੀਅਤ ਅਤੇ ਉਸ ਦੇ ਗਲਤ ਸਲਾਹਕਾਰਾਂ ਦੀ ਸੋਚ ਨੂੰ ਬੇਨਕਾਬ ਕਰਦਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਜਿਸ ਪਵਿੱਤਰ ਧਰਤੀ 'ਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦਾ ਅੰਤਿਮ ਸਮਾਂ ਬਿਤਾਇਆ, ਉਸ ਦੇ ਦਰਸ਼ਨਾਂ ਤੋਂ ਸੰਗਤ ਨੂੰ ਵਾਂਝਾ ਰੱਖਣਾ ਕਿਸੇ ਵੀ ਪੱਖੋਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਜੇ ਸਰਕਾਰ ਹੋਰ ਅੰਤਰਰਾਸ਼ਟਰੀ ਸਰਹੱਦਾਂ 'ਤੇ ਸੁਰੱਖਿਆ ਅਤੇ ਆਵਾਜਾਈ ਦੇ ਪ੍ਰਬੰਧ ਕਰ ਸਕਦੀ ਹੈ ਤਾਂ ਕਰਤਾਰਪੁਰ ਸਾਹਿਬ ਲਾਂਘੇ ਲਈ ਵਾਰ-ਵਾਰ ਇੱਕੋ ਦਲੀਲ ਦੇਣਾ ਸਿੱਖ ਕੌਮ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਤੋਂ ਵੱਧ ਕੁਝ ਨਹੀਂ। ਇਹ ਫ਼ੈਸਲਾ ਸਿੱਖਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਦੀ ਬਜਾਏ ਉਸ ਨੂੰ ਠੇਸ ਪਹੁੰਚਾ ਰਿਹਾ ਹੈ। ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਹੁਣ ਕੇਂਦਰ ਸਰਕਾਰ ਨੂੰ ਆਪਣੇ ਸਲਾਹਕਾਰਾਂ ਦੀ ਕਾਰਗੁਜ਼ਾਰੀ ਦਾ ਗੰਭੀਰ ਮੁਲਾਂਕਣ ਕਰਨਾ ਚਾਹੀਦਾ ਹੈ, ਕਿਉਂਕਿ ਉਹ ਸਮੇਂ ਦੀ ਨਬਜ਼ ਨੂੰ ਸਮਝਣ ਦੀ ਥਾਂ ਅਜਿਹੀਆਂ ਸਲਾਹਾਂ ਦੇ ਰਹੇ ਹਨ ਜੋ ਸਰਕਾਰ ਦੀ ਸਾਖ ਨੂੰ ਹੀ ਨੁਕਸਾਨ ਪਹੁੰਚਾ ਰਹੀਆਂ ਹਨ। ਸਿੱਖਾਂ ਦੀਆਂ ਜਾਇਜ਼ ਅਤੇ ਸ਼ਾਂਤਮਈ ਧਾਰਮਿਕ ਮੰਗਾਂ ਨੂੰ ਲਗਾਤਾਰ ਅਣਡਿੱਠਾ ਕਰਕੇ ਸਰਕਾਰ ਆਪਣੇ ਹੀ ਹੱਥਾਂ ਨਾਲ ਸਿੱਖ ਕੌਮ ਵਿੱਚ ਬੇਭਰੋਸਾ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਹਾਨੇ ਲੱਭਣ ਦੀ ਥਾਂ ਹੱਲ ਲੱਭੇ, ਨਾਕਾਮ ਸਲਾਹਕਾਰਾਂ ਨੂੰ ਬਦਲੇ ਅਤੇ ਤੁਰੰਤ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਦਾ ਐਲਾਨ ਕਰੇ। ਸਿੱਖ ਕੌਮ ਆਪਣੇ ਧਾਰਮਿਕ ਅਧਿਕਾਰਾਂ ਦੇ ਸਤਿਕਾਰ ਦੀ ਉਮੀਦ ਰੱਖਦੀ ਹੈ ਅਤੇ ਇਸ ਮਾਮਲੇ ਵਿੱਚ ਹੋਰ ਦੇਰੀ ਨਾ ਸਿਰਫ਼ ਅਣਉਚਿਤ ਹੋਵੇਗੀ, ਸਗੋਂ ਸਰਕਾਰ ਦੀ ਇੱਛਾ ਸ਼ਕਤੀ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰੇਗੀ।

# ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਡਾਕਟਰ ਪ੍ਰਿਅੰਕਾ ਨੂੰ ਲਗਾਏ ਗਏ ਕੈਂਪ ਸਮੇਂ ਕੀਤਾ ਗਿਆ ਸਨਮਾਨਿਤ



**ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾਰਾਮ ਤੀਰਥ ਦੇ ਅਗਰਵਾਲ ਪੀਰਖਾਨਾ ਵਿਖੇ ਡਾਕਟਰ ਪ੍ਰਿਅੰਕਾ ਗਰਗ ਵੱਲੋਂ ਆਪਣੀ ਮਾਂ ਨੂੰ ਸਮਰਪਿਤ ਦੂਜਾ ਨੱਕ ਕੰਨ ਅਤੇ ਗਲੇ ਦਾ ਫਰੀ ਚੈੱਕ ਅਪ ਕੈਂਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਚੜ੍ਹਦੀ ਕਲਾ ਵੈਲਫੇਅਰ ਕਲੱਬ ਦੇ ਮੈਂਬਰਾਂ ਵੱਲੋਂ ਡਾਕਟਰ ਪ੍ਰਿਅੰਕਾ ਗਰਗ ਨੂੰ ਸਨਮਾਨਿਤ ਕੀਤਾ ਗਿਆ। ਇਸ ਕੈਂਪ ਵਿੱਚ ਡਾਕਟਰ ਪ੍ਰਿਅੰਕਾ ਗਰਗ ਨੇ ਦੱਸਿਆ ਕਿ ਲਗਭਗ 200 ਦੇ ਕਰੀਬ ਮਰੀਜ਼ਾਂ ਨੂੰ ਚੈੱਕ ਅਪ ਕਰਕੇ ਫਰੀ ਮੈਡੀਕਲ ਦਵਾਈਆਂ ਦਿੱਤੀਆਂ ਗਈਆਂ ਇਸ ਮੌਕੇ ਕਲੱਬ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪ੍ਰਿਅੰਕਾ ਗਰਗ ਸਾਡੇ ਹੀ ਪਿੰਡ ਜਗਾਰਾਮ ਤੀਰਥ ਦੀ ਜਮਪਲ ਧੀ ਹੈ ਜੋ ਕਿ ਆਪਣੀ ਮੰਮੀ ਨੂੰ ਸਮਰਪਿਤ ਦੂਜਾ ਮੈਡੀਕਲ ਕੈਂਪ ਲਗਾ ਰਹੀ ਹੈ ਸਾਨੂੰ ਬੜੀ ਮਾਣ ਦੀ ਗੱਲ ਹੈ ਕਿ ਸਾਡੇ ਪਿੰਡ ਦੀ ਇਹ ਬੇਟੀ ਬਹੁਤ ਹੀ ਵੱਡੀ ਨੱਕ, ਕੰਨ ਅਤੇ ਗਲੇ ਦੀ ਸਪੈਸ਼ਿਲਸਟ ਡਾਕਟਰ ਹੈ ਸਾਡੇ ਵੱਲੋਂ ਇਸ ਬੇਟੀ ਦਾ ਮਾਣ ਸਨਮਾਨ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਇਹ ਇਹੋ ਜਿਹੇ ਕੈਂਪ ਪਿੰਡ ਵਿੱਚ ਲੱਗਣੇ ਜ਼ਰੂਰੀ ਹਨ ਜਿੰਨਾਂ ਨੂੰ ਅਸੀਂ ਸਹਿਯੋਗ ਦਿੰਦੇ ਰਹਾਂਗੇ। ਇਸ ਮੌਕੇ ਮਰੀਜ਼ਾਂ ਨੂੰ ਚਾਹ ਪਾਣੀ ਦਾ ਅਤੇ ਲੰਗਰ ਦੇ ਪ੍ਰਬੰਧ ਵੀ ਕੀਤੇ ਗਏ ਇਸ ਮੌਕੇ ਕਲੱਬ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਬਿੱਟੂ, ਮਾਸਟਰ ਬਲਦੇਵ ਸਿੰਘ, ਰਾਜਪਾਲ ਸਿੰਘ, ਰਾਜਪਾਲ ਸਿੰਘ, ਬੋਬੀ ਸਿੰਘ, ਸਮਾਜ ਸੇਵੀ ਸੁਰਿੰਦਰ ਸਿੰਘ ਸਿੱਧੂ ਅਤੇ ਬਹੁਤ ਸਾਰੇ ਪਿੰਡ ਵਾਸੀ ਮੌਜੂਦ ਸਨ।

# ਦਸ਼ਮੇਸ਼ ਕਾਲਜ ਫ਼ਾਰ ਵੂਮੈਨ 'ਚ ਸੀਨੀਅਰਾਂ ਵੱਲੋਂ ਜੂਨੀਅਰਾਂ ਨੂੰ ਦਿੱਤੀ ਗਈ ਸ਼ਾਨਦਾਰ ਫ੍ਰੈਸ਼ਰ ਪਾਰਟੀ



**ਚੌਕ ਮਹਿਤਾ 1 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਪ੍ਰਬੰਧ ਹੇਠ ਚੱਲ ਰਹੀ ਉੱਚ ਵਿੱਦਿਅਕ ਸੰਸਥਾ ਦਸ਼ਮੇਸ਼ ਕਾਲਜ ਫ਼ਾਰ ਵੂਮੈਨ, ਮਹਿਤਾ ਚੌਂਕ ਵਿਖੇ ਸੀਨੀਅਰ ਵਿਦਿਆਰਥਣਾਂ ਵੱਲੋਂ ਨਵੀਆਂ ਆਈਆਂ ਜੂਨੀਅਰ ਵਿਦਿਆਰਥਣਾਂ ਦੇ ਸਵਾਗਤ ਲਈ ਇੱਕ ਸ਼ਾਨਦਾਰ 'ਫ਼ਰੈਸ਼ਰ ਪਾਰਟੀ' ਦਾ ਆਯੋਜਨ ਕੀਤਾ ਗਿਆ। ਇਸ ਫ੍ਰੈਸ਼ਰ ਪਾਰਟੀ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਦੁਆਰਾ ਬਹੁਤ ਹੀ ਚਾਅ ਅਤੇ ਉਤਸ਼ਾਹ ਨਾਲ ਭਾਗ ਲਿਆ ਗਿਆ। ਵਿਦਿਆਰਥਣਾਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ ਅਤੇ ਆਪਣੀਆਂ ਨਵੀਆਂ ਆਈਆਂ ਸਹੇਲੀਆਂ (ਫ੍ਰੈਂਡਸ) ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਫ੍ਰੈਸ਼ਰ ਪਾਰਟੀ ਵਿੱਚ ਪੁਰਾਣੀਆਂ ਵਿਦਿਆਰਥਣਾਂ ਨੇ ਨਵੀਆਂ ਵਿਦਿਆਰਥਣਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ 'ਜੀ ਆਇਆਂ ਨੂੰ' ਆਖਿਆ। ਇਸ ਫ੍ਰੈਸ਼ਰ ਪਾਰਟੀ ਵਿੱਚ ਬੀ.ਏ./ਬੀ.ਕਾਮ ਭਾਗ ਪਹਿਲਾ ਦੀਆਂ ਬੱਚੀਆਂ ਨੇ ਵੀ ਵੱਧ-ਚੜ੍ਹ ਕੇ ਭਾਗ ਲਿਆ ਸਮਾਗਮ ਦੌਰਾਨ ਨਵੀਆਂ ਵਿਦਿਆਰਥਣਾਂ ਲਈ 'ਚੇਅਰ ਰੇਸ' (ਕੁਰਸੀ ਦੌੜ) ਅਤੇ 'ਬਿਸਕੁਟ ਈਟਿੰਗ ਰੇਸ' ਵਰਗੀਆਂ ਰੋਚਕ ਖੇਡਾਂ ਵੀ ਕਰਵਾਈਆਂ ਗਈਆਂ। ਇਸ ਫ੍ਰੈਸ਼ਰ ਪਾਰਟੀ ਵਿੱਚ ਜਸਮੀਨ ਕੌਰ ਨੇ 'ਮਿਸ ਫ੍ਰੈਸ਼ਰ' (ਪਹਿਲਾ ਸਥਾਨ) ਦਾ ਖ਼ਿਤਾਬ ਹਾਸਲ ਕੀਤਾ, ਜਦਕਿ ਸਿਮਰਨਜੀਤ ਕੌਰ ਫਸਟ ਰਨਰ-ਅੱਪ (ਦੂਜਾ ਸਥਾਨ) ਅਤੇ ਸਮਰੀਤ ਕੌਰ ਸੈਕਿੰਡ ਰਨਰ-ਅੱਪ (ਤੀਜਾ ਸਥਾਨ) ਰਹੀਆਂ ਕਾਲਜ ਦੇ ਡਾਇਰੈਕਟਰ ਮੈਡਮ ਹਰਪ੍ਰੀਤ ਕੌਰ ਵੱਲੋਂ ਵੀ ਨਵੇਂ ਬੱਚਿਆਂ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਦਿਨ-ਰਾਤ ਮਿਹਨਤ ਕਰਨ ਅਤੇ ਲਗਨ ਨਾਲ ਪੜ੍ਹਨ ਲਈ ਉਤਸ਼ਾਹਿਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਬੱਚਿਆਂ ਨੂੰ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਵੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਡਾਇਰੈਕਟਰ ਮੈਡਮ ਹਰਪ੍ਰੀਤ ਕੌਰ ਜੀ, ਮੈਮ ਰਵਨੀਤ, ਮੈਮ ਰਵਿੰਦਰ ਅਤੇ ਸਮੂਹ ਸਟਾਫ਼ ਸਮੇਤ ਵਿਦਿਆਰਥਣਾਂ ਨੇ ਵੀ ਫ੍ਰੈਸ਼ਰ ਪਾਰਟੀ ਦਾ ਭਰਪੂਰ ਆਨੰਦ ਮਾਣਿਆ।

ਆਵਾਜ਼ਿ ਕੌਮ AWAZE QAUM International Newspaper
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨੰਬਰਦਾਰ ਯੂਨੀਅਨ ਨੇ

# ਆਪਣੀਆਂ ਹੱਕੀ ਮੰਗਾਂ ਸਬੰਧੀ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੂੰ ਸੌਂਪਿਆ ਮੰਗ ਪੱਤਰ



ਤਲਵੰਡੀ ਸਾਬੋ, 1 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਨੰਬਰਦਾਰ ਯੂਨੀਅਨ (ਰਜਿ. 643) ਤਲਵੰਡੀ ਸਾਬੋ ਵੱਲੋਂ ਅੱਜ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲਾਗੂ ਕਰਵਾਉਣ ਸਬੰਧੀ ਹਲਕਾ ਵਿਧਾਇਕਾ ਅਤੇ ਪੰਜਾਬ ਸਰਕਾਰ ਦੀ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਨੂੰ ਮੰਗ ਪੱਤਰ ਸੌਂਪਿਆ ਗਿਆ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ



ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਨੰਬਰਦਾਰ ਭਾਈਚਾਰੇ ਨਾਲ ਕੀਤੇ ਵਾਅਦਿਆਂ, ਜਿਨ੍ਹਾਂ ਵਿੱਚ ਰਵਾਇਤੀ ਨੰਬਰਦਾਰੀ ਪ੍ਰਥਾ ਨੂੰ ਲਾਗੂ ਕਰਨਾ ਅਤੇ ਨੰਬਰਦਾਰਾਂ ਦੇ ਮਾਣ-ਭੱਤੇ ਵਿੱਚ ਵਾਧਾ ਕਰਨਾ ਸ਼ਾਮਲ ਸੀ, ਨੂੰ ਸਰਕਾਰ ਬਣਨ ਤੋਂ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਨੰਬਰਦਾਰਾਂ ਲਈ ਮੁਫ਼ਤ ਬੱਸ ਸਫ਼ਰ, ਟੋਲ ਪਲਾਜ਼ਿਆਂ ਸਬੰਧੀ ਰਿਆਇਤਾਂ ਅਤੇ ਹੋਰ ਭਲਾਈ ਵਾਲੀਆਂ ਮੰਗਾਂ ਨੂੰ ਵੀ ਜਲਦ ਲਾਗੂ ਕਰਨ ਦੀ ਮੰਗ ਕੀਤੀ ਗਈ। ਯੂਨੀਅਨ ਵੱਲੋਂ ਪ੍ਰੋ. ਬਲਜਿੰਦਰ ਕੌਰ ਨੂੰ ਅਪੀਲ ਕੀਤੀ ਗਈ ਕਿ ਉਹ ਭਲਕੇ ਤੋਂ ਸ਼ੁਰੂ ਹੋ ਰਹੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਨੰਬਰਦਾਰ ਭਾਈਚਾਰੇ ਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਸਦਨ ਵਿੱਚ ਉਠਾਉਣ ਅਤੇ ਸਰਕਾਰ ਪਾਸੋਂ ਇਨ੍ਹਾਂ ਦਾ ਜਲਦ ਹੱਲ ਕਰਵਾਉਣ ਲਈ ਯਤਨ ਕਰਨ। ਇਸ ਮੌਕੇ ਪੰਜਾਬ ਬਾਡੀ ਦੇ ਮੈਂਬਰ ਗੁਰਦੀਪ ਸਿੰਘ ਬੰਗੀ, ਜ਼ਿਲ੍ਹਾ ਪ੍ਰਧਾਨ ਭਾਕਰ ਸਿੰਘ ਕਣਕਵਾਲ, ਤਹਿਸੀਲ ਪ੍ਰਧਾਨ ਗੁਰਪਾਲ ਸਿੰਘ ਲਾਲੇਆਣਾ, ਸਹਾਇਕ ਸਕੱਤਰ ਅਮਰਜੀਤ ਸਿੰਘ ਗਿਆਨਾ, ਸਹਾਇਕ ਖ਼ਜ਼ਾਨਚੀ ਚਮਕੌਰ ਸਿੰਘ, ਜਸਵੰਤ ਸਿੰਘ, ਅਜੈਬ ਸਿੰਘ ਸੁਖਲੱਧੀ, ਤਰਸੇਮ ਸਿੰਘ ਸ਼ੇਖਪੁਰਾ, ਜਸਪ੍ਰੀਤ ਸਿੰਘ, ਨਰਵਿੰਦਰ ਸਿੰਘ ਬੰਗੀ ਦੀਪਾ, ਨਵਜੋਗਿੰਦਰ ਸਿੰਘ, ਅੰਗਰੇਜ਼ ਸਿੰਘ ਸੰਗਤ, ਲਾਭਵੀਰ ਸਿੰਘ ਸੇਖੂ, ਜਸਵੀਰ ਸਿੰਘ ਲਾਲੇਆਣਾ, ਗੁਰਮੁੱਖ ਸਿੰਘ ਬਹਿਮਣ, ਕੁਲਵਿੰਦਰ ਸਿੰਘ, ਅਮਰੀਕ ਸਿੰਘ ਤਰਖਾਣਵਾਲਾ, ਪ੍ਰਗਟ ਸਿੰਘ, ਗੁਰਜੰਟ ਸਿੰਘ ਰਾਮਸਰਾ, ਸੁਰਜੀਤ ਸਿੰਘ, ਜਸਵੀਰ ਸਿੰਘ, ਸੁਖਦੇਵ ਸਿੰਘ ਜੱਜਲ ਸਮੇਤ ਵੱਡੀ ਗਿਣਤੀ ਵਿੱਚ ਨੰਬਰਦਾਰ ਸਾਹਿਬਾਨ ਹਾਜ਼ਰ ਸਨ।

### ਸ਼ਹੀਦ ਊਧਮ ਸਿੰਘ ਦੀ ਸ਼ਹੀਦੀ ਨੂੰ ਸਮਰਪਿਤ ਪਠਲਾਵਾ ਸੰਸਥਾ ਵਲੋਂ

# ਐਮਾਂ ਜੱਟਾਂ ਵਿਖੇ ਬੂਟੇ ਲਗਾ ਕੇ ਸ਼ੁਰੂ ਕੀਤਾ ਸਾਂਝੀ ਛਾਵਾਂ ਦਾ ਆਗਾਜ਼



ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜਿਸਨੇ ਆਪਣੇ ਯੂਨੀਕ ਪਰੌਜੈਕਟ ਸਾਂਝੀਆਂ ਛਾਵਾਂ ਤਹਿਤ ਵਾਤਾਵਰਣ ਅਤੇ ਚੌਗਿਰਦੇ ਦੀ ਸਾਂਭ ਸੰਭਾਲ ਲਈ ਹਜ਼ਾਰਾਂ ਬੂਟਿਆਂ ਨੂੰ ਲਗਾ ਕੇ ਪ੍ਰਵਾਨ ਚੜ੍ਹਾਇਆ ਹੈ ਵਲੋਂ ਸ਼ਹੀਦ ਊਧਮ ਸਿੰਘ ਦੀ ਸ਼ਹੀਦੀ ਨੂੰ ਸਮਰਪਿਤ ਪਿੰਡ ਐਮਾਂ ਜੱਟਾਂ ਦੇ ਸ਼ਮਸ਼ਾਨ ਘਾਟ ਨੂੰ ਜਾਂਦੀ ਸੜਕ ਉਪਰ ਬੂਟੇ ਲਗਾ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਜਿਸਦਾ ਸ਼ੁਭ ਮਹੂਰਤ ਸੰਸਥਾ ਦੇ



ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਐਮਾਂ ਜੱਟਾਂ ਦੇ ਮਹਿਲਾਂ ਸਰਪੰਚ ਸ੍ਰੀਮਤੀ ਕਸ਼ਮੀਰ ਕੌਰ,ਮਹਿਲਾ ਪੰਚ ਮੈਡਮ ਜਸਕਰਨ ਮੱਲੀ , ਸ੍ਰੀਮਤੀ ਸੀਤਾ ਦੇਵੀ ਅਤੇ ਡਾ ਸੰਜੀਵ ਕੁਮਾਰ ਐਮਾਂ ਜੱਟਾਂ ਵਲੋਂ ਇਕ ਇਕ ਬੂਟਾ ਲਗਾ ਕੇ ਕੀਤਾ ਗਿਆ। ਇਸ ਅਵਸਰ ਤੇ ਪ੍ਰੈਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ ਅਤੇ ਮਾਸਟਰ ਰਮੇਸ਼ ਕੁਮਾਰ ਪਠਲਾਵਾ ਨੇ ਆਖਿਆ ਕਿ ਕੁਦਰਤ ਵਲੋਂ ਸਾਨੂੰ ਹਵਾ, ਪਾਣੀ, ਮਿੱਟੀ ਅਤੇ ਬਨਸਪਤੀ ਵਰਗੀਆਂ ਜੋ ਵੱਡਮੁੱਲੀਆਂ ਸੌਗਾਤਾਂ ਮੁਫ਼ਤ ਵਿਚੀਂ ਦਿਤੀਆਂ ਹਨ ਅਸੀਂ ਉਸਦਾ ਆਪਣੇ ਨਿਜੀ ਸੁਆਰਥਾ ਦੀ ਪੂਰਤੀ ਲਈ ਮਲੀਆਮੇਟ ਕਰ ਕੇ ਰੱਖ ਦਿੱਤਾ ਹੈ। ਬੁਲਾਰਿਆਂ ਨੇ ਆਖਿਆ ਕਿ ਕੁਦਰਤ ਇਨਸਾਨ ਦੀ ਹਰ ਮੰਗ ਦੀ ਪੂਰਤੀ ਕਰਨ ਦੀ ਸਮਰੱਥਾ ਰੱਖਦੀ ਹੈ ਪਰ ਕਮਬਖ਼ਤ ਇਸ ਧਰਤੀ ਦੇ ਲਾਲਚੀ ਇਨਸਾਨ ਦੀ ਲਾਲਸਾ ਦੀ ਭਰਪਾਈ ਨਹੀਂ ਕਰ ਸਕਦੀ। ਪਿੰਡ ਐਮਾਂ ਜੱਟਾਂ ਦੇ ਪੱਤਵੰਤੇ ਸੱਜਣਾਂ ਨਾਲ ਗੱਲ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਨੇ ਆਖਿਆਂ ਕਿ ਸਾਨੂੰ ਸਾਰਿਆਂ ਨੂੰ ਰਲ ਕੇ ਆਪਣੇ ਆਪਣੇ ਪਿੰਡਾਂ ਦੀਆਂ ਗਰਾਊਂਡਾਂ, ਸ਼ਮਸ਼ਾਨਘਾਟਾਂ, , ਸਕੂਲਾਂ , ਜਨਤਕ ਥਾਵਾਂ ਅਤੇ ਸੜਕਾਂ ਤੇ ਵੱਧ ਤੋਂ ਵੱਧ ਬੂਟੇ ਲਗਾ ਕੇ ਆਪਣੇ ਵਾਤਾਵਰਣ ਨੂੰ ਹਰਿਆ ਭਰਿਆ ਬਨਾਉਣ ਲਈ ਸਮਰਪਿਤ ਦੀ ਭਾਵਨਾ ਨਾਲ ਕੰਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਸ ਵਾਰੀਆ ਨੇ ਆਖਿਆ ਕਿ ਸੰਸਥਾ ਪਿੰਡ ਐਮਾਂ ਜੱਟਾਂ ਦੀ ਪੰਚਾਇਤ ਅਤੇ ਪੱਤਵੰਤੇ ਸੱਜਣਾ ਦੀ ਬੂਟੇ ਲਗਾਉਣ ਦੀ ਬੇਨਤੀ ਨੂੰ ਸਵੀਕਾਰ ਕਰਦਿਆਂ ਆਉਂਣ ਵਾਲੇ ਦਿਨਾਂ ਵਿਚ ਆਪਣੇ ਮਿਸ਼ਨ ਨੂੰ ਵਧਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਪ੍ਰਕਿਰਿਆ ਨੂੰ ਜਾਰੀ ਰੱਖੇਗੀ। ਇਸ ਮੌਕੇ ਤੇ ਆਲੀਸਟੋਨੀਆ, ਅਮਲਤਾਸ, ਸਿਲਵਰ ਓਕ, ਲਾਜੀਸਟੋਨੀਆ ਅਤੇ ਚਕਰਸੀਆ ਦੇ ਲਗਭਗ ਪੰਜਾਹ ਬੂਟੇ ਲਗਾਏ ਗਏ। ਹੋਰਨਾਂ ਤੋਂ ਇਲਾਵਾ ਇਸ ਅਵਸਰ ਤੇ ਸੰਸਥਾ ਦੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰਭਜੋਤ ਸਿੰਘ ਪਠਲਾਵਾ, ਸ ਬਲਵੀਰ ਸਿੰਘ ਨੰਬਰਦਾਰ ਐਮਾਂ ਜੱਟਾਂ,ਡਾ ਰਵਿੰਦਰ ਕੁਮਾਰ ਰਵੀ, ਸੁਖਦੇਵ ਰਾਜ ਮੈਂਬਰ ਪੰਚਾਇਤ, ਅਨਮੋਲ ਸਿੰਘ ਜੱਸਲ ਹਜ਼ਾਰ ਸਨ।

**-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

# ਅਖੰਡ ਪਾਠੀ ਸਿੰਘਾਂ ਅਤੇ ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਕੀਤੀ ਜਾਵੇਗੀ ਸਹਾਇਤਾ



**ਚੌਂਕ ਮਹਿਤਾ, 1 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਸਪ੍ਰੀਤ ਸਿੰਘ ਖਾਲਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ ਆਪਣੇ ਅਖੰਡ ਪਾਠੀ ਸਿੰਘਾਂ ਅਤੇ ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਦੀ ਦਸਵੀਂ ਤੋਂ ਬਾਅਦ ਦੀ ਪੜ੍ਹਾਈ ਅਤੇ ਉਨ੍ਹਾਂ ਦੀ ਕੌਸਲਿੰਗ ਕਰਕੇ ਉਨ੍ਹਾਂ ਦੀ ਮਦਦ ਕਰਨ ਲਈ , ਗੁਰੂ ਨਗਰੀ ਦੇ ਵੱਖ ਵੱਖ ਗੁਰੂ ਘਰਾਂ ਵਿੱਚ ਸੇਵਾ ਨਿਭਾਉਣ ਵਾਲੇ ਇਨ੍ਹਾਂ ਵੀਰਾਂ ਨੇ ਜ਼ਿੰਮੇਵਾਰੀ ਲਈ ਹੈ ਆਉਣ ਵਾਲੇ ਸਮੇਂ ਵਿੱਚ ਇਹ ਵੀਰ,ਇਕ ਵਧੀਆ ਪਲੇਟਫਾਰਮ ਤਿਆਰ ਕਰਕੇ,ਇਸ ਕਾਰਜ ਨੂੰ ਨੇਪਰੇ ਚਾੜ੍ਹਨਗੇ ਇਸ ਮੌਕੇ ਰਾਜੂ ਬਾਬਾ ਜੀ, ਸ੍ਰੀ ਅਕਾਲ ਤਖਤ ਸਾਹਿਬ ਸੇਵਾ ਵਾਲੇ ਹਰਪ੍ਰੀਤ ਸਿੰਘ ਪ੍ਰੀਤ ਦੀਵਾਨ ਟੋਡਰ ਮੱਲ ਸੇਵਾ ਸੁਸਾਇਟੀ ਸੋਨੂੰ ਬਾਬਾ ਜੀ ਗੁਰੂ ਕੇ ਮਹਿਲ ਸੇਵਾ ਵਾਲੇ ਸਰਬਜੀਤ ਸਿੰਘ ਜੀ ਗੁਰੂ ਰਾਮਦਾਸ ਸਾਹਿਬ ਜੀ ਲੰਗਰ ਸੇਵਾ ਵਾਲੇ ਦਰਸ਼ਨ ਸਿੰਘ ਜੀ ਰਾਮਸਰ ਸਾਹਿਬ ਸੇਵਾ ਵਾਲੇ ਰਸ਼ਪਾਲ ਸਿੰਘ ਜੀ ਖ਼ਾਲਸਾ ਸੇਵਾ ਵਾਲੇ ਜਗਦੀਪ ਸਿੰਘ ਜੀ ਜੱਗਾ ਸੇਵਾ ਵਾਲੇ ਹਰਪ੍ਰੀਤ ਸਿੰਘ ਗਿੰਨੀ ਵੀਰ ਜੀ ਦਰਬਾਰ ਸਾਹਿਬ ਸੇਵਾ ਵਾਲੇ ਹਾਜਰ ਸਨ।

# ਅਕਾਲੀ ਦਲ ਵਾਰਿਸ ਪੰਜਾਬ ਦੇ ਮਨਰੇਗਾ ਪਰਿਵਾਰਾਂ ਦੇ ਨਾਲ ਖੜਾ, ਨਹੀ ਹੋਣ ਦਿੱਤੀ ਜਾਵੇਗੀ ਬੇਇਨਸਾਫ਼ੀ : ਪ੍ਰੋ. ਰਣਜੀਤ ਸਿੰਘ ਧਨੋਆ

## ਗਰੀਬ ਪਰਿਵਾਰਾਂ ਦੇ ਜੌਬ ਕਾਰਡਾਂ ਨੂੰ ਕਿਉਂ ਕੀਤਾ ਰੱਦ, ਕੇਂਦਰ ਅਤੇ ਪੰਜਾਬ ਸਰਕਾਰ ਤੁਰੰਤ ਦੇਵੇ ਜਵਾਬ

**ਸੰਗਰੂਰ 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਅਤੇ ਮੁੱਖ ਬੁਲਾਰੇ ਪ੍ਰੋਫੈਸਰ ਰਣਜੀਤ ਸਿੰਘ ਧਨੋਆ ਨੇ ਲੋਕ ਸਭਾ ਵਿੱਚ ਸਾਹਮਣੇ ਆਏ ਮਨਰੇਗਾ ਸਬੰਧੀ ਅੰਕੜਿਆਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਲੱਗਭੱਗ 8 ਲੱਖ ਦੇ ਕਰੀਬ ਮਨਰੇਗਾ ਜੌਬ ਕਾਰਡ ਰੱਦ ਹੋਣ ਨਾਲ 14 ਲੱਖ ਦੇ ਕਰੀਬ ਪਰਿਵਾਰ ਪ੍ਰਭਾਵਿਤ ਹੋਏ ਹਨ ਜੋਕਿ ਪੰਜਾਬ ਨਾਲ ਬਹੁਤ ਵੱਡਾ ਵਿਤਕਰਾ ਹੈ ਅਤੇ ਰੁਜ਼ਗਾਰ ਮੰਗਣ ਵਾਲੇ ਪਰਿਵਾਰਾਂ ਦੀ ਗਿਣਤੀ ਵਿੱਚ ਆਈ ਭਾਰੀ ਕਮੀ ਬੇਹੱਦ ਚਿੰਤਾਜਨਕ ਹੈ। ਇਹ ਵੀ ਹੈਰਾਨੀਜਨਕ ਤੱਥ ਸਾਹਮਣੇ ਆਏ ਹਨ ਕਿ 2025-26 ਵਿੱਚ ਮਨਰੇਗਾ ਤਹਿਤ ਰੁਜ਼ਗਾਰ ਮੰਗਣ ਵਾਲੇ ਪਰਿਵਾਰਾਂ ਦੀ ਗਿਣਤੀ 6.46 ਲੱਖ ਸੀ ਜਿਹੜੀ ਕਿ 2026-27 ਦੇ ਵਿੱਤੀ ਵਰੇ ਵਿੱਚ ਘੱਟ ਕੇ ਸਿਰਫ 3.02 ਲੱਖ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਲੱਖਾਂ ਗਰੀਬ ਪਰਿਵਾਰ ਰੁਜ਼ਗਾਰ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਵਿੱਚ ਹਨ ਤਾਂ ਇਹ ਕੇਂਦਰ ਅਤੇ ਪੰਜਾਬ ਸਰਕਾਰ ਦੋਵਾਂ ਲਈ ਗੰਭੀਰ ਜਵਾਬਦੇਹੀ ਦਾ ਮਾਮਲਾ ਬਣਦਾ ਹੈ। ਪ੍ਰੋ. ਧਨੋਆ ਨੇ ਕਿਹਾ ਕਿ ਸੰਸਦ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਨੇ ਕਈ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸਰਕਾਰਾਂ ਨੂੰ ਪੰਜਾਬ ਦੇ ਲੋਕਾਂ ਨੂੰ ਸਪੱਸ਼ਟ ਦੱਸਣਾ ਚਾਹੀਦਾ ਹੈ ਕਿ ਇੰਨੇ ਵੱਡੇ ਪੱਧਰ 'ਤੇ ਜੌਬ ਕਾਰਡ ਕਿਹੜੇ ਆਧਾਰ 'ਤੇ ਰੱਦ ਕੀਤੇ ਗਏ, ਕਿੰਨੇ ਯੋਗ ਪਰਿਵਾਰਾਂ ਨੂੰ ਨਵੀਂ ਪ੍ਰਣਾਲੀ ਜਾਂ ਵਿਕਲਪਕ ਰੁਜ਼ਗਾਰ ਦਾ ਲਾਭ ਮਿਲਿਆ ਅਤੇ ਕਿੰਨੇ ਪਰਿਵਾਰ ਅਸਲ ਵਿੱਚ ਰੁਜ਼ਗਾਰ ਦੇ ਹੱਕ ਤੋਂ ਵਾਂਝੇ ਰਹਿ ਗਏ।



ਇਸ ਮਾਮਲੇ 'ਤੇ ਚੁੱਪੀ ਗਰੀਬ ਪਰਿਵਾਰਾਂ ਦੀਆਂ ਚਿੰਤਾਵਾਂ ਨੂੰ ਹੋਰ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਪਿੰਡਾਂ ਦੇ ਬੇਜ਼ਮੀਨ ਮਜ਼ਦੂਰਾਂ, ਦਿਹਾੜੀਦਾਰਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਸਿਰਫ਼ ਇੱਕ ਸਰਕਾਰੀ ਯੋਜਨਾ ਨਹੀਂ, ਸਗੋਂ ਉਨ੍ਹਾਂ ਦੀ ਰੋਜ਼ੀ-ਰੋਟੀ ਦਾ ਇੱਕ ਮਹੱਤਵਪੂਰਨ ਸਹਾਰਾ ਹੈ। ਜੇਕਰ ਕਿਸੇ ਯੋਗ ਪਰਿਵਾਰ ਨੂੰ ਪ੍ਰਸ਼ਾਸਕੀ ਕਾਰਨਾਂ ਜਾਂ ਨੀਤੀਗਤ ਕਮੀਆਂ ਕਾਰਨ ਰੁਜ਼ਗਾਰ ਤੋਂ ਵਾਂਝਾ ਹੋਣਾ ਪਿਆ ਹੈ ਤਾਂ ਇਹ ਬਹੁਤ ਗੰਭੀਰ ਮਾਮਲਾ ਹੈ ਅਤੇ ਇਸ ਦੀ ਤੁਰੰਤ ਸਮੀਖਿਆ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਇੱਕ-ਦੂਜੇ 'ਤੇ ਜ਼ਿੰਮੇਵਾਰੀ ਸੁੱਟਣ ਦੀ ਬਜਾਏ ਸਾਂਝੇ ਤੌਰ 'ਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੋਈ ਵੀ ਯੋਗ ਗਰੀਬ ਪਰਿਵਾਰ ਆਪਣੇ ਕਾਨੂੰਨੀ ਹੱਕ ਤੋਂ ਵਾਂਝਾ ਨਾ ਰਹੇ। ਜੇਕਰ ਕਿਸੇ ਨਾਲ ਬੇਇਨਸਾਫ਼ੀ ਹੋਈ ਹੈ ਤਾਂ ਉਸ ਨੂੰ ਤੁਰੰਤ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਉਸਦਾ ਰੁਜ਼ਗਾਰ ਦਾ ਹੱਕ ਬਹਾਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾ ਕਿਸਾਨਾਂ, ਮਜ਼ਦੂਰਾਂ, ਬੇਰੁਜ਼ਗਾਰ ਨੌਜਵਾਨਾਂ ਅਤੇ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਆਵਾਜ਼ ਬਣ ਕੇ ਖੜ੍ਹਾ ਰਿਹਾ ਹੈ ਅਤੇ ਅੱਗੇ ਵੀ ਹਰ ਉਸ ਪਰਿਵਾਰ ਦੇ ਹੱਕ ਲਈ ਲੋਕਤੰਤਰੀ ਅਤੇ ਸੰਵਿਧਾਨਕ ਢੰਗ ਨਾਲ ਸੰਘਰਸ਼ ਕਰਦਾ ਰਹੇਗਾ, ਜਿਸ ਨਾਲ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਹੋਵੇਗੀ। ਅੰਤ ਵਿੱਚ ਪ੍ਰੋ. ਧਨੋਆ ਨੇ ਮੰਗ ਕੀਤੀ ਕਿ ਪੰਜਾਬ ਵਿੱਚ ਮਨਰੇਗਾ ਜੌਬ ਕਾਰਡਾਂ ਦੀ ਰੱਦਗੀ ਅਤੇ ਰੁਜ਼ਗਾਰ ਵਿੱਚ ਆਈ ਕਮੀ ਸਬੰਧੀ ਪੂਰੀ ਸਥਿਤੀ ਲੋਕਾਂ ਸਾਹਮਣੇ ਰੱਖੀ ਜਾਵੇ, ਪਾਰਦਰਸ਼ੀ ਜਾਂਚ ਕਰਵਾਈ ਜਾਵੇ ਅਤੇ ਹਰ ਯੋਗ ਮਜ਼ਦੂਰ ਪਰਿਵਾਰ ਦੇ ਹੱਕਾਂ ਦੀ ਪੂਰੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜੰਡਿਆਲਾ ਗੁਰੂ ਵਿਖੇ ਲੱਗੀਆਂ 'ਤ੍ਰਿੰਜਣਾਂ ਦੀਆਂ ਰੌਣਕਾਂ'

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਪਰਿਵਾਰ ਨੇ ਹਲਕਾ ਵਾਸੀਆਂ ਨਾਲ ਮਨਾਇਆ ਤੀਆਂ ਦਾ ਤਿਉਹਾਰ




**ਜੰਡਿਆਲਾ ਗੁਰੂ 1 ਅਗਸਤ (ਕੁਲਵੰਤ ਸਿੰਘ ਵਿਰਦੀ )** - ਇਤਿਹਾਸਕ ਅਤੇ ਵਿਰਾਸਤੀ ਨਗਰ ਜੰਡਿਆਲਾ ਗੁਰੂ ਵਿਖੇ ਅੱਜ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਦੇ ਪਰਿਵਾਰ ਵੱਲੋਂ ਤੀਆਂ ਦੇ ਤਿਉਹਾਰ ਮੌਕੇ ਸ਼ਾਨਦਾਰ 'ਰੌਣਕ ਤ੍ਰਿੰਜਣਾਂ ਦੀ' ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਹਲਕਾ ਜੰਡਿਆਲਾ ਗੁਰੂ ਦੀਆਂ ਮਾਤਾਵਾਂ, ਭੈਣਾਂ ਅਤੇ ਧੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਪੰਜਾਬ ਦੇ ਰਵਾਇਤੀ ਤਿਉਹਾਰ ਨੂੰ ਪੂਰੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ।ਜੈ ਰਿਜ਼ੋਰਟ, ਜੰਡਿਆਲਾ ਗੁਰੂ ਵਿਖੇ ਕਰਵਾਏ ਗਏ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਕੈਬਨਿਟ ਮੰਤਰੀ ਦੇ ਮਾਤਾ ਸ੍ਰੀਮਤੀ ਸੁਰਿੰਦਰ ਕੌਰ, ਧਰਮ ਪਤਨੀ ਸ੍ਰੀਮਤੀ ਸੁਹਿੰਦਰ ਕੌਰ ਅਤੇ ਉਨ੍ਹਾਂ ਦੀ ਧੀ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ। ਇਸ ਮੌਕੇ ਪ੍ਰਸਿੱਧ ਪੰਜਾਬੀ ਲੋਕ ਗਾਇਕਾ ਗਲੋਰੀ ਬਾਵਾ ਨੇ ਆਪਣੇ ਲੋਕ ਗੀਤਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਤੀਆਂ ਦੇ ਰੰਗਾਂ ਨੂੰ ਹੋਰ ਵੀ ਖੂਬਸੂਰਤ ਬਣਾ ਦਿੱਤਾ, ਜਿਸ ਦਾ ਹਾਜ਼ਰ ਮਹਿਲਾਵਾਂ ਨੇ ਭਰਪੂਰ ਆਨੰਦ ਮਾਣਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਸਮੂਹ ਪੰਜਾਬ ਵਾਸੀਆਂ, ਖਾਸ ਕਰਕੇ ਮਾਤਾਵਾਂ, ਭੈਣਾਂ ਅਤੇ ਧੀਆਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਤੀਆਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਦੇ ਸੱਭਿਆਚਾਰਕ ਰੰਗ ਸਾਡੀ ਪਛਾਣ ਹਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਅਜਿਹੇ ਤਿਉਹਾਰਾਂ ਨੂੰ ਸੰਭਾਲਣਾ ਅਤੇ ਪ੍ਰਫੁੱਲਤ ਕਰਨਾ ਸਮੇਂ ਦੀ ਲੋੜ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਮਾਵਾਂ ਅਤੇ ਧੀਆਂ ਦੇ ਸਨਮਾਨ ਅਤੇ ਸਸ਼ਕਤੀਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਅੱਜ ਇੱਕ ਵਾਰ ਫਿਰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸੂਬੇ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਕਰੀਬ 40 ਲੱਖ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਰਕਮ ਟ੍ਰਾਂਸਫਰ ਕੀਤੀ ਹੈ। ਇਸ ਤਹਿਤ ਜਨਰਲ ਸ਼੍ਰੇਣੀ ਦੀਆਂ ਔਰਤਾਂ ਨੂੰ 3,000 ਰੁਪਏ ਅਤੇ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ 4,500 ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ 1 ਜੁਲਾਈ ਨੂੰ ਵੀ 32 ਲੱਖ ਔਰਤਾਂ ਦੇ ਖਾਤਿਆਂ ਵਿੱਚ ਇਸ ਯੋਜਨਾ ਤਹਿਤ ਰਕਮ ਟ੍ਰਾਂਸਫਰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਲਈ ਲਗਾਤਾਰ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ੍ਰੀਮਤੀ ਸੁਹਿੰਦਰ ਕੌਰ ਨੇ ਹਲਕਾ ਜੰਡਿਆਲਾ ਗੁਰੂ ਦੀਆਂ ਸਮੂਹ ਮਾਤਾਵਾਂ, ਭੈਣਾਂ ਅਤੇ ਧੀਆਂ ਨੂੰ ਤੀਆਂ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ ਸਾਡੇ ਅਮੀਰ ਪੰਜਾਬੀ ਵਿਰਸੇ ਦੀ ਅਨਮੋਲ ਨਿਸ਼ਾਨੀ ਹੈ ਅਤੇ ਇਸ ਨੂੰ ਸੰਭਾਲਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਸਮਾਜ ਵਿੱਚ ਆਪਸੀ ਪਿਆਰ, ਭਾਈਚਾਰੇ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਦੇ ਹਨ।ਸਮਾਗਮ ਦੌਰਾਨ ਮਹਿਲਾਵਾਂ ਨੇ ਲੋਕ ਨਾਚ, ਗਿੱਧਾ ਅਤੇ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈ ਕੇ ਤੀਆਂ ਦੇ ਤਿਉਹਾਰ ਨੂੰ ਯਾਦਗਾਰੀ ਬਣਾ ਦਿੱਤਾ। ਸਮਾਗਮ ਦਾ ਮਾਹੌਲ ਪੂਰੀ ਤਰ੍ਹਾਂ ਪੰਜਾਬੀ ਸੱਭਿਆਚਾਰ ਦੇ ਰੰਗਾਂ ਵਿੱਚ ਰੰਗਿਆ ਹੋਇਆ ਨਜ਼ਰ ਆਇਆ।

### ਲੋਕ ਮਿਲਣੀ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਸੁਣੀਆਂ ਪਿੰਡ ਸੀਂਗੋ ਵਾਸੀਆਂ ਦੀਆਂ ਸਮੱਸਿਆਵਾਂ

# ਸਰਕਾਰੀ ਸਕੀਮਾਂ ਦੀ ਦਿੱਤੀ ਜਾਣਕਾਰੀ







ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਨੇ ਅੱਜ ਪਿੰਡ ਸੀਂਗੋ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਮੌਕੇ ਉਨ੍ਹਾਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਲਈ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਅਤੇ ਬਾਕੀ ਮਸਲਿਆਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਸਰਕਾਰੀ ਸੇਵਾਵਾਂ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਵਿੱਚ ਸੜਕਾਂ, ਸਿੱਖਿਆ, ਸਿਹਤ, ਬਿਜਲੀ, ਪੀਣ ਵਾਲੇ ਪਾਣੀ ਅਤੇ ਹੋਰ ਵਿਕਾਸ ਕਾਰਜਾਂ 'ਤੇ ਵੱਡੇ ਪੱਧਰ 'ਤੇ ਕੰਮ ਕੀਤਾ ਗਿਆ ਹੈ, ਜਿਸ ਦਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ ਅਤੇ ਅਪੀਲ ਕੀਤੀ ਕਿ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ।ਮਾਵਾਂ ਧੀਆਂ ਸਤਿਕਾਰ ਯੋਜਨਾ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਹਰ ਯੋਗ ਮਹਿਲਾ ਨੂੰ ਇਸ ਸਕੀਮ ਦਾ ਲਾਭ ਮਿਲੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ 2027 ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਵੀ ਇਹ ਯੋਜਨਾ ਜਾਰੀ ਰਹੇਗੀ ਅਤੇ ਹਰ ਮਹਿਲਾ ਤੱਕ ਇਸ ਦਾ ਲਾਭ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸੁਣ ਕੇ ਤੁਰੰਤ ਹੱਲ ਕਰਨਾ ਹੈ, ਤਾਂ ਜੋ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਇਹ ਵੀ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਲਗਾਤਾਰ ਜਾਰੀ ਰਹਿਣਗੇ ਅਤੇ ਹਰ ਵਰਗ ਦੀ ਗੱਲ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜਸਥਾਨ ਦੇ ਬਲਜੀਤ ਸਿੰਘ ਨੇ 98 ਦਿਨਾਂ ਤੋਂ ਚਾਰਧਾਮਾਂ ਦੇ ਦਰਸ਼ਨ ਕਰਨ ਲਈ ਪੈਦਲ ਯਾਤਰਾ ਕੀਤੀ ਸੀ ਆਰੰਭ ਅੱਜ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਕੀਤੀ ਸੰਪੂਰਨਤਾ

# ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਅੱਜ ਰਾਤ ਦੇ ਠਹਿਰਾਅ ਮਗਰੋਂ ਕੱਲ੍ਹ ਪਾਏ ਜਾਣਗੇ ਵਾਪਸੀ ਚਾਲੇ ਬਾਬਾ-ਬਿਬੇਕ ਸਿੰਘ



**ਜੰਡਿਆਲਾ ਗੁਰੂ, 1 ਅਗਸਤ ( ਕੁਲਵੰਤ ਸਿੰਘ ਵਿਰਦੀ )**-ਬੀਤੇ 98 ਦਿਨਾਂ ਤੋਂ ਰਾਜਸਥਾਨ ਦੇ ਰਹਿਣ ਵਾਲੇ ਬਲਜੀਤ ਸਿੰਘ ਵੱਲੋਂ ਚਾਰ ਧਾਮਾਂ ਦੀ ਯਾਤਰਾ ਆਰੰਭ ਕੀਤੀ ਗਈ ਅੱਜ ਬਲਜੀਤ ਸਿੰਘ ਵਲੋਂ ਸਚਖੰਡ ਸ੍ਰੀ ਅੰਮ੍ਰਿਤਸਰ ਸਾਹਿਬ ਸ੍ਰੀ ਦਰਬਾਰ ਸਾਹਿਬ ਜੀ ਦੇ ਦਰਸ਼ਨ ਕਰਨ ਉਪਰੰਤ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਠਹਿਰਾਓ ਕੀਤਾ ਗਿਆ! ਇਸ ਮੌਕੇ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਦੱਸਿਆ ਕਿ ਅੱਜ ਜਦੋਂ ਸਾਨੂੰ ਪਤਾ ਚੱਲਿਆ ਕਿ ਰਾਜਸਥਾਨ ਤੋਂ ਇਕ ਸਿੰਘ ਪੈਦਲ ਯਾਤਰਾ ਕਰਦਿਆਂ ਹੋਇਆ ਜੰਡਿਆਲਾ ਗੁਰੂ ਵਿਖੇ ਪਹੁੰਚਿਆ ਹੈ ਤਾਂ ਅਸੀਂ ਤੁਰੰਤ ਇਨਾਂ ਦਾ ਸਵਾਗਤ ਕਰਨ ਲਈ ਜੀਟੀ ਰੋਡ ਜੰਡਿਆਲਾ ਗੁਰੂ ਵਿਖੇ ਪਹੁੰਚੇ ਹਾਂ ਅਤੇ ਅੱਜ ਦੀ ਰਾਤ ਦੇ ਠਹਿਰਾਓ ਦੀ ਸੇਵਾ ਅਸੀਂ ਮੰਗ ਕਿ ਲਈ ਹੈ ਅਤੇ ਕੱਲ੍ਹ ਨੂੰ ਬਲਜੀਤ ਸਿੰਘ ਵਲੋਂ ਆਪਣੇ ਘਰ ਨਿਵਾਸ ਨੂੰ ਸਵੇਰੇ ਵਾਪਸ ਚਾਲੇ ਪਾਏ ਜਾਣਗੇ! ਇਸ ਮੌਕੇ ਬਲਜੀਤ ਸਿੰਘ ਵਾਸੀ ਰਾਜਸਥਾਨ ਜ਼ਿਲ੍ਹਾ ਸ਼੍ਰੀਗੰਗਾਨਗਰ ਪਿੰਡ 6 ਓ.ਬੀ. ਸ਼੍ਰੀਕਰਣਪੁਰ ਨੇ ਗੱਲਬਾਤ ਦੌਰਾਨ ਦੱਸਿਆ ਕਿ 23 ਅਪ੍ਰੈਲ ਨੂੰ ਯਾਤਰਾ ਆਪਣੇ ਪਿੰਡ ਤੋਂ ਸੁਰੂ ਕੀਤੀ ਗਈ ਸੀ ਜਿਨਾਂ ਵਿੱਚ ਚਾਰ ਧਾਮ ਯਾਤਰਾ ਸ਼੍ਰੀ ਯਮੁਨੋਤਰੀ ਧਾਮ,ਸ਼੍ਰੀ ਗੰਗੋਤਰੀ ਧਾਮ,ਸ਼੍ਰੀ ਕੇਦਾਰਨਾਥ ਧਾਮ,ਸ਼੍ਰੀ ਬਦਰੀਨਾਥ ਧਾਮ, ਹੇਮਕੁੰਡ ਸਾਹਿਬ ਦੇ ਦਰਸ਼ਨ, ਯਾਤਰਾ ਦੇ ਦੌਰਾਨ ਦਰਸ਼ਨ ਕੀਤੇ ਗਏ ਪ੍ਰਮੁੱਖ ਗੁਰਦੁਆਰਾ,ਗੁਰਦੁਆਰਾ ਸ਼੍ਰੀ ਪਾਂਤ ਸਾਹਿਬ ਗੁਰਦੁਆਰਾ ਬਾਬਾ ਕ੍ਰਿਪਾਲ ਦਾਸ ਸ਼ਿਲਾ,ਗੁਰਦੁਆਰਾ ਸ੍ਰੀ ਭਗਾਨੀ ਸਾਹਿਬ, ਗੁਰਦੁਆਰਾ ਸ਼੍ਰੀ ਤੀਰਗਢੀ ਸਾਹਿਬ ,ਗੁਰਦੁਆਰਾ ਸ਼੍ਰੀ ਰਣਥੰਭ ਸਾਹਿਬ, ਗੁਰੂਦੁਆਰਾ ਸ਼੍ਰੀ ਸ਼ੇਰਗਢ ਸਾਹਿਬ, ਗੁਰਦੁਆਰਾ ਸ਼੍ਰੀ ਨਾਡਾ ਸਾਹਿਬ (ਚੰਡੀਗੜ੍ਹ) ,ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ, ਗੁਰਦੁਆਰਾ ਸ਼੍ਰੀ ਮੋਰਿੰਡਾ,ਗੁਰਦੁਆਰਾ ਸ਼੍ਰੀ ਕੋਟਵਾਲੀ ਸਾਹਿਬ, ਮੋਰਿੰਡਾ ਗੁਰਦੁਆਰਾ ਸ਼੍ਰੀ ਚਮਕੌਰ ਸਾਹਿਬ,ਗੁਰਦੁਆਰਾ ਸ਼੍ਰੀ ਭਾਡਾ ਸਾਹਿਬ,ਗੁਰਦੁਆਰਾ ਸ਼੍ਰੀ ਰੂਪਨਗਰ (ਰੋਪੜ), ਗੁਰਦੁਆਰਾ ਸ਼੍ਰੀ ਪਰਿਵਾਰ ਵਿਛੋੜਾ ਸਾਹਿਬ,ਗੁਰਦੁਆਰਾ ਸ਼੍ਰੀ ਕੀਰਤਪੁਰ ਸਾਹਿਬ,ਤਖਤ ਸ਼੍ਰੀ ਕੇਸਗੜ ਸਾਹਿਬ,ਸ੍ਰੀ ਆਨੰਦਪੁਰ ਸਾਹਿਬ,ਗੁਰਦੁਆਰਾ ਸ਼੍ਰੀ ਪਾਤਾਲਪੁਰੀ ਸਾਹਿਬ, ਕੀਰਤਪੁਰ 36 ,ਗੁਰਦੁਆਰਾ ਸ਼੍ਰੀ ਬਾਬਾ ਬੁਢਾ ਸਾਹਿਬ, ਕੀਰਤਪੁਰ ਸਾਹਿਬ ਜੀ ਦਰਸ਼ਨ ਕੀਤੇ ਗਏ ਅਤੇ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਜੀ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਅਤੇ ਕੁਲ ਦਿਨ 94 ਦਿਨ ਅਤੇ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ ਅਤੇ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਗਏ ਕੱਲ੍ਹ ਨੂੰ ਸਵੇਰ ਦੇ ਸਮੇਂ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਵਾਪਸ ਚਾਲੇ ਪਾਏ ਜਾਣਗੇ ! ਮੇਰੀ ਸਿੱਖ ਬੁੱਧੀਜੀਵੀਆਂ ਜਥੇਬੰਦੀਆ ਨੂੰ ਬੇਨਤੀ ਹੈ ਕਿ ਮੇਰੇ ਪਿੰਡ ਵਿੱਚ ਗੁਰਦੁਆਰਾ ਸਾਹਿਬ ਨਹੀਂ ਹੈ ਉਸ ਵਲ ਜਰੂਰ ਧਿਆਨ ਦਿੱਤਾ ਜਾਵੇ ਤਾਂ ਗੁਰੂਦੁਆਰਾ ਹੋਵੇ ਤਾਂ ਅਸੀਂ ਹਰ ਰੋਜ ਗੁਰੂ ਸਾਹਿਬ ਜੀ ਦੇ ਦਰਸ਼ਨ ਕਰ ਸਕੀਏ !

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਵੱਲੋਂ ਸਮਾਜ ਸੇਵੀ ਚੰਦੂ ਨੂੰ ਸਨਮਾਨਿਤ ਕੀਤਾ ਗਿਆ



ਫਿਰੋਜ਼ਪੁਰ 1 ਅਗਸਤ (ਮਨੋਹਰ ਲਾਲ): ਸਮਾਜ ਸੇਵੀ ਚੰਦੂ ਜੀ ਨੂੰ ਅੱਜ ਜਗਜੀਤ ਸਿੰਘ ਭੁੱਲਰ ਵੱਲੋਂ ਸਨਮਾਨਿਤ ਕੀਤਾ ਗਿਆ ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਪਿਛਲੇ ਕਾਫੀ ਸਮੇਂ ਤੋਂ ਸਮਾਜ ਸੇਵੀ ਚੰਦੂ ਜੀ ਸਮਾਜਿਕ ਅਤੇ ਧਾਰਮਿਕ ਕੰਮ ਕਰ ਰਹੇ ਹਨ।ਸਮਾਜ ਵਿੱਚ ਜਾ ਕੇ ਜਨਤਾ ਵਿੱਚ ਜਾ ਕੇ ਉਹਨਾਂ ਦੀਆਂ ਜਰੂਰਤਾਂ ਉਹਨਾਂ ਦੇ ਮੁਸ਼ਿਕਲਾਂ ਨੂੰ ਹੱਲ ਕਰਦੇ ਹਨ। ਮਿਊਂਸੀਪਲ ਕਮੇਟੀ ਦੇ ਇਲੈਕਸ਼ਨਾਂ ਵਿੱਚ ਵੀ ਇਹਨਾਂ ਨੇ ਆਪਣੇ ਉਮੀਦਵਾਰ ਮੈਦਾਨ ਵਿੱਚ ਉਤਾਰੇ ਸਨ ਦੋ ਉਮੀਦਵਾਰ ਇਹਨਾਂ ਦੇ ਜਿੱਤੇ ਅਤੇ ਵੋਟ ਪ੍ਰਤੀਸ਼ਤ ਇਹਨਾਂ ਦਾ ਵਧਿਆ ਹੈ। ਫਿਰੋਜ਼ਪੁਰ ਦੇ ਲੋਕ ਵਿਕਾਸ ਚਾਹੁੰਦੇ ਹਨ ਵਿਕਾਸ ਦਾ ਮਤਲਬ ਕੀ ਇਕ ਉਹ ਚਿਹਰਾ ਸਾਹਮਣੇ ਹੋਵੇ ਜੋ ਲੋਕਾਂ ਦੇ ਵਿੱਚ ਜਾ ਕੇ ਉਹਨਾਂ ਦੇ ਅੰਦਰ ਵੜ ਕੇ ਉਹਨਾਂ ਦੀਆਂ ਮੁਸ਼ਿਕਲਾਂ ਨੂੰ ਆਪਣੀ ਮੁਸ਼ਿਕਲ ਸਮਝ ਕੇ ਹੱਲ ਕਰੇ। ਸਮਾਜਿਕ ਕੰਮਾਂ ਵਿੱਚ ਸਮਾਜ ਸੇਵੀ ਚੰਦੂ ਜੀ ਆਪਣਾ ਪੂਰਾ ਯੋਗਦਾਨ ਪਾ ਰਹੇ ਹਨ। ਜਗਜੀਤ ਸਿੰਘ ਭੁੱਲਰ ਵੱਲੋਂ ਇਹਨਾਂ ਨੂੰ ਸਨਮਾਨਿਤ ਕੀਤਾ ਗਿਆ ਇਹਨਾਂ ਨੇ ਬਹੁਤ ਹੀ ਪਿਆਰ ਸਤਿਕਾਰ ਦਿੱਤਾ ਤੇ ਅਸੀਂ ਇਹਨਾਂ ਨੂੰ ਭਾਈ ਮਰਦਾਨਾ ਯਾਦਗਾਰ ਉੱਪਰ ਆਣ ਦਾ ਸੱਦਾ ਵੀ ਦਿੱਤਾ ਜੋ ਇਹਨਾਂ ਨੇ ਮਨਜ਼ੂਰ ਕੀਤਾ। ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਇੱਕ ਧਾਰਮਿਕ ਅਤੇ ਸਮਾਜਿਕ ਸੋਸਾਇਟੀ ਹੈ ਜਿਸ ਦਾ ਰਾਜਨੀਤੀ ਨਾਲ ਕੋਈ ਲੈਣਾ ਦੇਣਾ ਨਹੀਂ ਹੈ। ਇਸ ਮੌਕੇ ਦਿਨੇਸ਼ ਕੁਮਾਰ ਬੱਬੂ ਟੋਕਰੀ ਬਾਜ਼ਾਰ ਰਣਜੀਤ ਸਿੰਘ ਨਰਿੰਦਰ ਕੁਮਾਰ ਬਲਦੇਵ ਸਿੰਘ ਜੋਗਾ ਸਿੰਘ ਆਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਰੀਬ 01.38 ਕਰੋੜ ਰੁਪਏ ਦੀ ਲਾਗਤ ਨਾਲ

# ਤਿੰਨ ਮਹੱਤਵਪੂਰਨ ਸੜਕ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਸਰਬਪੱਖੀ ਵਿਕਾਸ ਦੇ ਸੁਫ਼ਨੇ ਨੂੰ ਸਾਕਾਰ ਕਰਦਿਆਂ ਹਲਕਾ ਸੰਗਰੂਰ ਵਿੱਚ ਵਿਕਾਸ ਕਾਰਜਾਂ ਦੀ ਲੜੀ ਨਿਰੰਤਰ ਜਾਰੀ ਹੈ। ਇਸੇ ਤਹਿਤ ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਕਰੀਬ 01.38 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਤਿੰਨ ਮਹੱਤਵਪੂਰਨ ਸੜਕ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ।

**ਕਿਹਾ; ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕਾ ਸੰਗਰੂਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ ’ਤੇ ਜਾਰੀ**

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਬੁਨਿਆਦੀ ਢਾਂਚਾ, ਬਿਹਤਰ ਆਵਾਜਾਈ ਸਹੂਲਤਾਂ ਅਤੇ ਵਿਕਾਸ ਪੱਖੋਂ ਆਧੁਨਿਕ ਸ਼ਹਿਰੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਯੋਜਨਾਬੱਧ ਲੜੀ ਰਾਹੀਂ ਸੰਗਰੂਰ ਸ਼ਹਿਰ ਅਤੇ ਆਸ-ਪਾਸ ਦੇ ਖੇਤਰਾਂ ਦਾ ਚਹੁੰਮੁਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਵਿਧਾਇਕ ਨੇ ਦੱਸਿਆ ਕਿ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਅਫ਼ਸਰ ਕਾਲੋਨੀ ਡੀ-1 ਬਲਾਕ ਤੋਂ ਮੰਗਵਾਲ ਡਰੇਨ ਤਕ 66.09 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਸੜਕ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ ਅਤੇ ਰੋਜ਼ਾਨਾ ਦੀ ਆਵਾਜਾਈ ਹੋਰ ਸੁਖਾਲੀ ਬਣੇਗੀ।

ਉਨ੍ਹਾਂ ਦੱਸਿਆ ਕਿ ਰਣਬੀਰ ਕਾਲਜ ਤੋਂ ਸੁਨਾਮੀ ਗੇਟ ਤੱਕ 56.28 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੇ ਪੁਨਰ ਨਿਰਮਾਣ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ ਹੈ। ਇਹ ਸੜਕ ਸ਼ਹਿਰ ਦੀ ਇੱਕ ਮਹੱਤਵਪੂਰਨ ਆਵਾਜਾਈ ਕੜੀ ਹੈ, ਜਿਸ ਦੀ ਮੁਰੰਮਤ ਅਤੇ ਨਵੀਨੀਕਰਨ ਨਾਲ ਵਿਦਿਆਰਥੀਆਂ, ਰਾਹਗੀਰਾਂ ਅਤੇ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

ਇਸ ਤੋਂ ਇਲਾਵਾ ਸਪਾਟਰਨ ਜਿਮ ਤੋਂ ਗੁਰਦੁਆਰਾ ਸ੍ਰੀ ਦਸਹਿਰਾ ਬਾਗ ਸਾਹਿਬ ਤਕ 15.79 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੇ ਪੁਨਰ ਨਿਰਮਾਣ ਅਤੇ ਸੁੰਦਰੀਕਰਨ ਦੇ ਵਿਕਾਸ ਕਾਰਜਾਂ ਦੀ ਵੀ ਸ਼ੁਰੂਆਤ ਕੀਤੀ ਗਈ ਹੈ। ਇਸ ਪ੍ਰੋਜੈਕਟ ਨਾਲ ਇਲਾਕੇ ਦੀ ਦਿੱਖ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਲੋਕਾਂ ਨੂੰ ਵਧੀਆ ਜਨਤਕ ਸਹੂਲਤਾਂ ਵੀ ਉਪਲਬਧ ਹੋਣਗੀਆਂ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਵਿਕਾਸ ਦੇ ਹਰ ਪ੍ਰੋਜੈਕਟ ਵਿੱਚ ਗੁਣਵੱਤਾ ਨੂੰ ਤਰਜੀਹ ਦੇ ਰਹੀ ਹੈ ਅਤੇ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵਿਕਾਸ ਕਾਰਜ ਨਿਰਧਾਰਤ ਮਾਪਦੰਡਾਂ ਅਨੁਸਾਰ ਅਤੇ ਨਿਰਧਾਰਤ ਸਮਾਂ ਸੀਮਾ ਅੰਦਰ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਨ੍ਹਾਂ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਹਲਕਾ ਸੰਗਰੂਰ ਦੇ ਹਰ ਪਿੰਡ ਅਤੇ ਸ਼ਹਿਰੀ ਖੇਤਰ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕ ਭਲਾਈ ਨਾਲ ਸਬੰਧਤ ਹੋਰ ਅਨੇਕਾਂ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਭੁਪਿੰਦਰ ਨਹਿਲ, ਪ੍ਰਧਾਨ ਅਵਤਾਰ ਸਿੰਘ ਤਾਰੀ, ਪੰਕਜ ਗਰਗ, ਐੱਮ.ਸੀ. ਜਗਤੀਤ ਕਾਲਾ, ਐੱਮ.ਸੀ. ਕ੍ਰਿਸ਼ਨ ਲਾਲ ਵਿੱਕੀ, ਸੁਖਵਿੰਦਰ ਮਾਨ, ਰੌਕੀ, ਪਾਰਸ, ਅਮਨ ਸੇਖੂਪੁਰਾ, ਖੁਸ਼ਿਵੰਦਰ ਚਿੜੀ ਕੋਚ, ਵਿਨੋਦ ਸ਼ਰਮਾ, ਨੋਨੀ, ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

### ਕਰਤਾਰਪੁਰ ਲਾਂਘਾ ਖੋਲ੍ਹਿਆ ਜਾਵੇ

# ਭਾਰਤੀ ਸੁਰੱਖਿਆ ਏਜੰਸੀਆਂ ਹਰ ਚੁਣੌਤੀ ਲਈ ਸਮਰੱਥ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਮੁੜ ਖੋਲ੍ਹਣ ਲਈ ਲੋੜੀਂਦੀ ਕੂਟਨੀਤਿਕ ਅਤੇ ਪ੍ਰਸ਼ਾਸਕੀ ਪਹਿਲ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਕਰਤਾਰਪੁਰ ਸਾਹਿਬ ਸਿੱਖਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਇਸ ਦੇ ਦਰਸ਼ਨਾਂ ਤੋਂ ਲੰਬੇ ਸਮੇਂ ਤੱਕ ਸੰਗਤਾਂ ਨੂੰ ਵਾਂਝਾ ਰੱਖਣਾ ਕਰੋੜਾਂ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਇੱਕ ਗੰਭੀਰ ਵਿਸ਼ਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਉਹ ਭਾਰਤ ਸਰਕਾਰ ਵੱਲੋਂ ਰਾਸ਼ਟਰੀ ਸੁਰੱਖਿਆ ਨੂੰ ਦਿੱਤੀ ਜਾ ਰਹੀ ਤਰਜੀਹ ਦਾ ਪੂਰਾ ਸਤਿਕਾਰ ਕਰਦੇ ਹਨ। ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਹੋ ਸਕਦਾ। ਪਰ ਮੌਜੂਦਾ ਹਾਲਾਤਾਂ ਵਿੱਚ ਕੁਝ ਅਜਿਹੇ ਤੱਥ ਵੀ ਹਨ, ਜਿਨ੍ਹਾਂ ਦੇ ਆਧਾਰ ’ਤੇ ਕਰਤਾਰਪੁਰ ਲਾਂਘੇ ਨੂੰ ਮੁੜ ਖੋਲ੍ਹਣ ਦੀ ਸੰਭਾਵਨਾ ’ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਲਾਂਘਾ ਬੰਦ ਹੋਣ ਤੋਂ ਬਾਅਦ ਵੀ ਸਿੱਖ ਸ਼ਰਧਾਲੂਆਂ ਦੇ ਦੋ ਅਧਿਕਾਰਕ ਜਥੇ ਅਟਾਰੀ ਸਰਹੱਦ ਰਸਤੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੀ ਯਾਤਰਾ ਕਰ ਚੁੱਕੇ ਹਨ ਅਤੇ ਤੀਜਾ ਜਥਾ ਵੀ ਰਵਾਨਗੀ ਲਈ ਤਿਆਰ ਹੈ। ਜੇਕਰ ਸਰਕਾਰੀ ਪ੍ਰਬੰਧਾਂ, ਵੀਜ਼ਾ ਪ੍ਰਕਿਰਿਆ ਅਤੇ ਸੁਰੱਖਿਆ ਜਾਂਚਾਂ ਅਧੀਨ ਇਹ ਯਾਤਰਾਵਾਂ ਸਫ਼ਲਤਾਪੂਰਵਕ ਕਰਵਾਈਆਂ ਜਾ ਰਹੀਆਂ ਹਨ, ਤਾਂ ਕਰਤਾਰਪੁਰ ਲਾਂਘੇ ਨੂੰ ਵੀ ਸਖ਼ਤ ਸੁਰੱਖਿਆ ਪ੍ਰੋਟੋਕੋਲ ਨਾਲ ਮੁੜ ਚਾਲੂ ਕਰਨ ਦੀ ਸੰਭਾਵਨਾ ’ਤੇ ਸਕਾਰਾਤਮਕ ਢੰਗ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਭਾਰਤ ਦੀਆਂ ਸੁਰੱਖਿਆ ਏਜੰਸੀਆਂ ਨੇ ਅੱਤਵਾਦ ਵਿਰੁੱਧ ਲੜਾਈ, ਸਰਹੱਦੀ ਸੁਰੱਖਿਆ ਅਤੇ ਅੰਦਰੂਨੀ ਸੁਰੱਖਿਆ ਦੇ ਮੋਰਚਿਆਂ ’ਤੇ ਆਪਣੀ ਉੱਚ ਪੇਸ਼ੇਵਰ ਸਮਰੱਥਾ ਨੂੰ ਵਾਰ-ਵਾਰ ਸਾਬਤ ਕੀਤਾ ਹੈ। ਦੇਸ਼ ਦੀਆਂ ਏਜੰਸੀਆਂ ਆਧੁਨਿਕ ਤਕਨਾਲੋਜੀ, ਖ਼ੁਫ਼ੀਆ ਤੰਤਰ ਅਤੇ ਸਖ਼ਤ ਨਿਗਰਾਨੀ ਰਾਹੀਂ ਹਰ ਤਰ੍ਹਾਂ ਦੀਆਂ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਹਨ। ਇਸ ਲਈ ਇਹ ਵਿਸ਼ਵਾਸ ਕੀਤਾ ਜਾਣਾ ਚਾਹੀਦਾ ਹੈ ਕਿ ਉਹ ਕਰਤਾਰਪੁਰ ਲਾਂਘੇ ਦੀ ਯਾਤਰਾ ਨੂੰ ਵੀ ਸੁਰੱਖਿਅਤ ਢੰਗ ਨਾਲ ਸੰਚਾਲਿਤ ਕਰਨ ਦੀ ਸਮਰੱਥਾ ਰੱਖਦੀਆਂ ਹਨ। ਰਾਸ਼ਟਰੀ ਸੁਰੱਖਿਆ ਅਤੇ ਸਿੱਖ ਆਸਥਾ ਨੂੰ ਇੱਕ-ਦੂਜੇ ਦੇ ਪੂਰਕ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਕਰਤਾਰਪੁਰ ਲਾਂਘਾ ਕੇਵਲ ਇੱਕ ਸਰਹੱਦੀ ਰਸਤਾ ਨਹੀਂ, ਸਗੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਮਤਿ ਸੰਕਲਪ ਹੈ। ਇਹ ਲਾਂਘਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਸਰਕਾਰ ਦੀ ਸਿੱਖ ਪੰਥ ਪ੍ਰਤੀ ਸੁਹਿਰਦ ਪਹੁੰਚ ਦਾ ਪ੍ਰਤੀਕ ਅਤੇ ਲਗਭਗ ਸੱਤਰ ਸਾਲਾਂ ਦੀ ਉਡੀਕ ਤੋਂ ਬਾਅਦ ਸਿੱਖ ਕੌਮ ਨੂੰ ਮਿਲਿਆ ਇੱਕ ਇਤਿਹਾਸਕ ਤੋਹਫ਼ਾ ਹੈ। ਉਨ੍ਹਾਂ ਕਿਹਾ ਕਿ ਸਾਲ 2019 ਵਿੱਚ ਭਾਜਪਾ ਸਰਕਾਰ ਵੱਲੋਂ ਕਰਤਾਰਪੁਰ ਲਾਂਘਾ ਖੋਲ੍ਹਣਾ ਸਿੱਖ ਪੰਥ ਪ੍ਰਤੀ ਇੱਕ ਸੰਵੇਦਨਸ਼ੀਲ ਅਤੇ ਇਤਿਹਾਸਕ ਪਹਿਲ ਸੀ, ਜਿਸ ਨੇ ਦਹਾਕਿਆਂ ਤੋਂ ਚੱਲੀ ਆ ਰਹੀ ਸਿੱਖਾਂ ਦੀ ਅਰਦਾਸ ਅਤੇ ਉਮੀਦ ਨੂੰ ਸਾਕਾਰ ਕੀਤਾ। ਇਹ ਫ਼ੈਸਲਾ ਵਿਸ਼ਵ ਭਰ ਦੇ ਸਿੱਖਾਂ ਲਈ ਇੱਕ ਅਨਮੋਲ ਤੋਹਫ਼ੇ ਵਜੋਂ ਸਵੀਕਾਰਿਆ ਗਿਆ ਅਤੇ ਸ੍ਰੋਮਣੀ ਕਮੇਟੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ‘ਮਸੀਹਾ’ ਠਹਿਰਾਉਂਦਿਆਂ ਕੌਮੀ ਸੇਵਾ ਅਵਾਰਡ ਨਾਲ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਲਾਂਘੇ ਦਾ ਮੁੜ ਖੁੱਲ੍ਹਣਾ ਨਾ ਸਿਰਫ਼ ਕਰੋੜਾਂ ਸਿੱਖਾਂ ਲਈ ਡੂੰਘੀ ਆਤਮਿਕ ਖ਼ੁਸ਼ੀ ਦਾ ਕਾਰਨ ਬਣੇਗਾ, ਸਗੋਂ ਭਾਰਤ ਦੀ ਧਾਰਮਿਕ ਆਜ਼ਾਦੀ, ਸੱਭਿਆਚਾਰਕ ਵਿਰਾਸਤ ਅਤੇ ਮਨੁੱਖਤਾਵਾਦੀ ਦ੍ਰਿਸ਼ਟੀਕੋਣ ਨੂੰ ਵੀ ਹੋਰ ਮਜ਼ਬੂਤੀ ਪ੍ਰਦਾਨ ਕਰੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਕੌਮ ਨੇ ਹਮੇਸ਼ਾ ਰਾਸ਼ਟਰ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਲਈ ਆਪਣਾ ਅਹਿਮ ਯੋਗਦਾਨ ਦਿੱਤਾ ਹੈ। ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਮੌਜੂਦਾ ਹਾਲਾਤਾਂ ਦੀ ਸਮੀਖਿਆ ਕਰਕੇ ਅਤੇ ਸਾਰੇ ਸੁਰੱਖਿਆ ਤੇ ਕੂਟਨੀਤਿਕ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਕੇਂਦਰ ਸਰਕਾਰ ਇੱਕ ਵਾਰ ਫਿਰ ਕਰੋੜਾਂ ਸਿੱਖ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਕਰਤਾਰਪੁਰ ਲਾਂਘੇ ਨੂੰ ਮੁੜ ਚਾਲੂ ਕਰਨ ਵੱਲ ਸਕਾਰਾਤਮਕ ਪਹਿਲ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਨੇ ਪ੍ਰਧਾਨ ਮੰਤਰੀ ਦਫ਼ਤਰ, ਕੇਂਦਰੀ ਗ੍ਰਹਿ ਮੰਤਰੀ ਅਤੇ ਕੇਂਦਰੀ ਵਿਦੇਸ਼ ਮੰਤਰੀ ਨੂੰ ਵੀ ਵਿਸਥਾਰਪੂਰਵਕ ਪੱਤਰ ਭੇਜ ਕੇ ਇਸ ਮਾਮਲੇ ’ਤੇ ਗੰਭੀਰਤਾ ਅਤੇ ਹਮਦਰਦੀ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ ਹੈ।

# ਸਰਬੱਤ ਦਾ ਭਲਾ ਸੋਸਾਇਟੀ ਵੱਲੋਂ ਲਗਾਏ ਜਾਣਗੇ ਛਾਂਦਾਰ ਪੌਦੇ—ਗਾਬੜੀਆ



ਫ਼ਿਰੋਜ਼ਪੁਰ, 01 ਅਗਸਤ (ਮਨੋਹਰ ਲਾਲ) :— ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਦੇ ਪੋਤਰੇ ਸ਼ਿਵ ਕਬੀਰ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸੋਸਾਇਟੀ ਵੱਲੋਂ ਇੱਕ ਵਿਸ਼ੇਸ਼ ਵਾਤਾਵਰਨ ਪੱਖੀ ਉਪਰਾਲਾ ਕੀਤਾ ਗਿਆ ਹੈ ਇਸ ਮੁੱਖ ਦਿਹਾੜੇ ਨੂੰ ਮੁੱਖ ਰੱਖਦਿਆਂ ਸੋਸਾਇਟੀ ਦੇ ਮੈਂਬਰਾਂ ਵੱਲੋਂ ਵੱਖ—ਵੱਖ ਥਾਵਾਂ ਤੇ ਛਾਂਦਾਰ ਅਤੇ ਫ਼ਲਦਾਰ ਪੌਦੇ ਲਗਾਏ ਜਾਣਗੇ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਕਿਹਾ ਕਿ ਖੁਸ਼ੀਆਂ ਦੇ ਮੌਕੇ ਤੇ ਪੌਦੇ ਲਾਗਉਣਾ ਸਭ ਤੋਂ ਉੱਤਮ ਕਾਰਜ ਹੈ ਉਨ੍ਹਾਂ ਕਿਹਾ ਅੱਜ ਦੇ ਸਮੇਂ ਵਿੱਚ ਵੱਧ ਰਹੀ ਪ੍ਰਦੂਸ਼ਣ ਦੀ ਸਮੱਸਿਆ ਅਤੇ ਗਰਮੀ ਦੇ ਕਹਿਰ ਤੋਂ ਬਚਣ ਲਈ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਪੁੱਤ—ਪੋਤਰੇ ਜਾਂ ਹਰ ਬੱਚੇ ਦੇ ਜਨਮ ਦਿਨ ਦੀ ਖੁਸ਼ੀ ਨੂੰ ਵਾਤਾਵਰਨ ਸੰਭਾਲ ਨਾਲ ਜੋੜ ਕੇ ਮਨਾਉਣਾ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ ਸੋਸਾਇਟੀ ਦੇ ਮੈਂਬਰਾਂ ਨੇ ਦੱਸਿਆ ਕਿ ਲਗਾਏ ਗਏ ਪੌਦਿਆਂ ਦੀ ਬੀਜਾਈ ਹੀ ਨਹੀਂ ਕੀਤੀ ਜਾਵੇਗੀ ਸਗੋਂ ਉਨ੍ਹਾਂ ਪੌਦਿਆਂ ਦੀ ਪੂਰੀ ਦੇਖਭਾਲ ਅਤੇ ਪਾਲਣ ਪੋਸ਼ਣ ਵੀ ਕੀਤੀ ਜਾਵੇਗਾ ਤਾਂ ਜੋ ਇਹ ਪੌਦੇ ਵੱਡੇ ਹੋ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਛਾ ਅਤੇ ਸਾਫ਼ ਹਵਾ ਦੇ ਸਕਣ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਸੋਸਾਇਟੀ ਦੇ ਅਹੁਦੇਦਾਰਾ ਨੇ ਜਰਨੈਲ ਸਿੰਘ ਗਾਬੜੀਆ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਪੋਤਰੇ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਇਸ ਸ਼ਲਾਘਾਯੋਗ ਉਪਰਾਲੇ ਦੀ ਭਰਭੂਰ ਪ੍ਰਸੰਸਾ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਅਨੁਮੀਤ ਸਿੰਘ ਹੀਰਾ ਸੋਡੀ, ਰਿਟਾਇਰਡ ਡੀਐਸਪੀ ਗੋਪਾਲ ਚੰਦ ਭੰਡਾਰੀ, ਮੌਂਟੀ ਐਮਸੀ, ਸਾਗਰ ਤੇਜੀ ਐਮਸੀ, ਦਵਿੰਦਰ ਭਲਵਾਨ ਐਮਸੀ, ਜ਼ਿਲਾ ਪ੍ਰਧਾਨ ਨਿਰਮਲ ਸਿੰਘ ਔਲਖ, ਬਲਾਕ ਪ੍ਰਧਾਨ ਸਾਹਿਬ ਸਿੰਘ ਮੱਲੀ, ਭਾਰਤੀ ਕਿਸਾਨ ਯੂਨੀਅਨ ਮਾਨਸਾ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਤੋਂ ਬਾਬਾ ਬਲਕਾਰ ਸਿੰਘ ਹਜ਼ਾਰਾਂ ਸਿੰਘ ਸੇਵਾ ਸਿੰਘ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਤੋਂ ਭਗਵਾਨ ਸਿੰਘ ਦੜਿਆਲਾ, ਹਰਭਜਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ, ਅੰਗਰੇਜ਼ ਸਿੰਘ ਕਲਸੀ, ਅਮਰ ਸਿੰਘ ਗਾਬੜੀਆ, ਲਾਡੀ ਗਾਬੜੀਆ, ਗੁਰਦੇਵ ਸਿੰਘ ਦੇਬੀ, ਜਗਸੀਰ ਸਿੰਘ ਠੇਠੀ, ਸੂਬੇਦਾਰ ਹੁਸ਼ਿਆਰ ਸਿੰਘ, ਪਰਮਜੀਤ ਸਿੰਘ, ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ, ਬੀਬੀ ਰੁਣਾ ਰਾਜਪੂਤ, ਮਨੀ ਖੰਨਾ, ਸਵਰਨ ਸਿੰਘ, ਦਲੀਪ ਕੁਮਾਰ, ਹਰੀਸ਼ ਕੁਮਾਰ ਵੀ ਹਾਜ਼ਰ ਸਨ।

# ਰਾਸ਼ਟਰੀ ਸਨਮਾਨਾਂ ਦੀ ਚੋਣ ਪ੍ਰਕਿਰਿਆ ਚ ਪਾਰਦਰਸ਼ਤਾ ਤੇ ਨਿਰਪੱਖਤਾ ਯਕੀਨੀ ਬਣਾਉਣ ਲਈ ਰਾਸ਼ਟਰਪਤੀ ਨੂੰ ਭੇਜਿਆ ਮੰਗ ਪੱਤਰ

ਫ਼ਿਰੋਜ਼ਪੁਰ, 01 ਅਗਸਤ (ਮਨੋਹਰ ਲਾਲ) :— ਭਾਰਤ ਦੇ ਮਾਣਯੋਗ ਰਾਸ਼ਟਰਪਤੀ ਨੂੰ ਇੱਕ ਵਿਸ਼ੇਸ਼ ਮੰਗ ਪੱਤਰ ਭੇਜ ਕੇ ਰਾਸ਼ਟਰੀ ਸਨਮਾਨਾਂ (ਜਿਵੇਂ ਕਿ ਭਾਰਤ ਰਤਨ, ਪਦਮ ਵਿਭੂਸ਼ਣ, ਪਦਮ ਭੂਸ਼ਣ, ਪਦਮ ਸ਼੍ਰੀ ਆਦਿ) ਦੀ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਨਿਰਪੱਖਤਾ, ਜਵਾਬਦੇਹੀ ਅਤੇ ਸੰਵਿਧਾਨਕ ਸਿਧਾਂਤਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੀ.ਸੀ ਕੁਮਾਰ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਜ਼ਿਕਰ ਕੀਤਾ ਗਿਆ ਹੈ ਕਿ 26 ਜਨਵਰੀ 1950 ਨੂੰ ਲਾਗੂ ਹੋਇਆ ਭਾਰਤ ਦਾ ਸੰਵਿਧਾਨ ਸਾਡੇ ਗਣਰਾਜ ਦੀ ਆਤਮਾ ਹੈ। ਸੰਵਿਧਾਨ ਦੀ ਪ੍ਰਸਤਾਵਨਾ ਭਾਰਤ ਨੂੰ ਇੱਕ ਸਰਬਭੌਮ, ਸਮਾਜਵਾਦੀ, ਧਰਮ ਨਿਰਪੱਖ ਅਤੇ ਲੋਕਤੰਤਰੀ ਗਣਰਾਜ ਵਜੋਂ ਸਥਾਪਿਤ ਕਰਦੀ ਹੈ ਅਤੇ ਦੇਸ਼ ਦੇ ਹਰ ਨਾਗਰਿਕ ਨੂੰ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੀ ਗਾਰੰਟੀ ਦਿੰਦੀ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਦੇਸ਼ ਦੇ ਸੰਵਿਧਾਨਕ ਮੁਖੀ ਅਤੇ ਸੰਵਿਧਾਨ ਦੇ ਰੱਖਿਅਕ ਹਨ। ਉਨ੍ਹਾਂ ਕਿਹਾ ਕਿ ਭਾਰਤ ਰਤਨ ਅਤੇ ਪਦਮ ਪੁਰਸਕਾਰ (ਪਦਮ ਵਿਭੂਸ਼ਣ, ਪਦਮ ਭੂਸ਼ਣ, ਪਦਮ ਸ਼੍ਰੀ) ਵਰਗੇ ਦੇਸ਼ ਦੇ ਸਰਵਉੱਚ ਸਨਮਾਨ ਰਾਸ਼ਟਰਪਤੀ ਜੀ ਦੇ ਨਾਂ ਤੇ ਹੀ ਪ੍ਰਦਾਨ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿੱਚ ਜੋਰ ਦੇ ਕੇ ਕਿਹਾ ਗਿਆ ਹੈ ਕਿ ਇਨ੍ਹਾਂ ਸਨਮਾਨਾਂ ਦੀ ਚੋਣ ਪ੍ਰਕਿਰਿਆ ਹਰ ਪੱਧਰ ਤੇ ਪਾਰਦਰਸ਼ੀ, ਨਿਰਪੱਖ ਅਤੇ ਸੰਵਿਧਾਨਕ ਮੁੱਖ ਮੁੱਲਾਂ ਦੇ ਅਨੁਰੂਪ ਹੋਣੀ ਚਾਹੀਦੀ ਹੈ ਤਾਂ ਜੋ ਇਨ੍ਹਾਂ ਪੁਰਸਕਾਰਾਂ ਦੀ ਗੌਰਵਤਾ ਅਤੇ ਨਾਗਰਿਕਾਂ ਦਾ ਵਿਸ਼ਵਾਸ ਬਕਰਾਰ ਰਹੇ।



# ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਆਈਨਸਟਾਈਨ ਹਾਊਸ ਨੇ ਇੰਟਰ ਹਾਊਸ ਕ੍ਰਿਕਟ ਮੈਚ ਜਿੱਤਿਆ

ਫ਼ਿਰੋਜ਼ਪੁਰ, 01 ਅਗਸਤ (ਮਨੋਹਰ ਲਾਲ) :— ਫਿਰੋਜ਼ਪੁਰ ਮੋਗਾ ਰੋਡ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਆਈਨਸਟਾਈਨ ਹਾਊਸ ਅਤੇ ਗੈਲੀਲਿਓ ਹਾਊਸ ਵਿਚਕਾਰ ਇੰਟਰ ਹਾਊਸ ਕ੍ਰਿਕਟ ਮੈਚ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਆਈਨਸਟਾਈਨ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਆਪਣੇ ਨਾਮ ਕੀਤੀ। ਮੈਚ ਦੀ ਸ਼ੁਰੂਆਤ ਤੋਂ ਪਹਿਲਾਂ ਹੋਏ ਟਾਸ ਵਿੱਚ ਆਈਨਸਟਾਈਨ ਹਾਊਸ ਨੇ ਬਾਜ਼ੀ ਮਾਰੀ। ਇਸ ਤੋਂ ਬਾਅਦ ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਮੁਕਾਬਲਾ ਖੇਡਿਆ। ਮੈਚ ਦੌਰਾਨ ਖਿਡਾਰੀਆਂ ਨੇ ਬਿਹਤਰੀਨ ਪ੍ਰਦਰਸ਼ਨ ਕੀਤਾ, ਜਿਸ ਨਾਲ ਮੁਕਾਬਲਾ ਕਾਫ਼ੀ ਰੋਮਾਂਚਕ ਰਿਹਾ। ਅੰਤ ਵਿੱਚ ਆਈਨਸਟਾਈਨ ਹਾਊਸ ਜੇਤੂ ਰਿਹਾ। ਮੈਚ ਦੀ ਸਮਾਪਤੀ ਮੌਕੇ ਸਕੂਲ ਦੀ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ, ਮਹਾਸਚਿਵ ਸ਼ਿਵਮ ਸ਼ਰਮਾ ਅਤੇ ਪ੍ਰਿੰਸੀਪਲ ਰੇਖਾ ਪਾਸੀ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਨਿਯਮਿਤ ਤੌਰ ਤੇ ਖੇਡ ਗਤੀਵਿਧੀਆਂ ਵਿੱਚ ਭਾਗ ਲੈਣ, ਅਨੁਸ਼ਾਸਨ ਬਣਾਈ ਰੱਖਣ ਅਤੇ ਟੀਮ ਭਾਵਨਾ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਕੈਂਪਸ ਵਿੱਚ ਉਤਸ਼ਾਹਪੂਰਨ ਮਾਹੌਲ ਰਿਹਾ ਅਤੇ ਵਿਦਿਆਰਥੀਆਂ ਨੇ ਖਿਡਾਰੀਆਂ ਦਾ ਭਰਪੂਰ ਹੌਸਲਾ ਅਫ਼ਜ਼ਾਈ ਕੀਤੀ।



ਪਿੰਡ ਦੇਵੀਦਾਸਪੁਰਾ ਚ ਕਰੀਬ 100 ਪਰਿਵਾਰ ਕਾਂਗਰਸ ਤੇ ਅਕਾਲੀ ਦਲ ਨੂੰ ਛੱਡ ਕੇ

# ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ



**ਜੰਡਿਆਲਾ ਗੁਰੂ, 1 ਅਗਸਤ ( ਕੁਲਵੰਤ ਸਿੰਘ ਵਿਰਦੀ)**-ਚੇਅਰਮੈਨ ਅਮਰੀਕ ਸਿੰਘ ਸੋਢੀ ਦੇ ਜੱਦੀ ਪਿੰਡ ਦੇਵੀਦਾਸਪੁਰਾ ਵਿਖੇ ਆਮ ਆਦਮੀ ਪਾਰਟੀ ਵੱਲੋਂ ਚੇਅਰਮੈਨ ਅਮਰੀਕ ਸਿੰਘ ਸੋਢੀ ਦੀ ਰਹਿਨੁਮਾਈ ਹੇਠ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਲੋਕ ਮਿਲਣੀ ਤਹਿਤ ਲੋਕਾਂ ਦੇ ਰੂ-ਬਰੂ ਹੋਏ। ਉਨ੍ਹਾਂ ਲੋਕਾਂ ਤੇ ਭੈਣ-ਭਰਾਵਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਆਪ ਸਰਕਾਰ ਦੀਆਂ ਉਪਲੱਬਧੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਤੇ ਕਿਹਾ ਕਿ ਉਨ੍ਹਾਂ ਦੇ ਦਰਵਾਜ਼ੇ ਹਮੇਸ਼ਾ ਕੰਮ-ਕਾਰ ਤੇ ਹੋਰ ਮੁਸ਼ਕਲਾਂ ਵਾਲੇ ਲੋਕਾਂ ਲਈ ਹਮੇਸ਼ਾ ਲਈ ਖੁੱਲ੍ਹੇ ਹਨ। ਉਨ੍ਹਾਂ ਸੁਚੇਤ ਕੀਤਾ ਕਿ ਇੱਕ ਸਾਬਕਾ ਐਮਐਲਏ, ਜੋ ਕਿ ਸਦਾ ਲਈ ਹਲਕੇ ਦੀ ਸੰਗਤ ਨੇ ਸਾਬਕਾ ਕਰ ਦਿੱਤਾ ਹੈ, ਉਹ ਬਹੁਤ ਭੰਡੀ ਪ੍ਰਚਾਰ ਕਰਨ ਲਈ ਰਾਤ-ਦਿਨ ਲੱਗਾ ਹੋਇਆ ਹੈ, ਜਿਹੜਾ ਕਿ ਹਲਕੇ ਵਿੱਚ ਆਪਣਾ ਆਧਾਰ ਤੇ ਵਿਸ਼ਵਾਸ ਗਵਾ ਚੁੱਕਾ ਹੈ। ਇਸ ਲਈ ਉਸ ਤੋਂ ਦੂਰ ਰਹਿਣ ਦੀ ਲੋੜ ਹੈ। ਇਸ ਵਕਤ ਕਾਂਗਰਸ ਅਤੇ ਅਕਾਲੀ ਦਲ ਨੂੰ ਛੱਡ ਕੇ ਕਰੀਬ 100 ਦੇ ਕਰੀਬ ਪਰਿਵਾਰਾਂ ਨੂੰ ਪਾਰਟੀ ਦਾ ਸਿਰਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ। ਜਿਨ੍ਹਾਂ ਵਿੱਚ ਅੱਜ, ਸਵਿੰਦਰ ਸਿੰਘ ਵਡਾਲੀ, ਹਰਜਿੰਦਰ ਸਿੰਘ, ਕਮਲਜੀਤ ਸਿੰਘ ਕੱਬੀ, ਹਰਜਿੰਦਰ ਸਿੰਘ ਜ਼ਿੰਦਾ, ਸ਼ਮਸ਼ੇਰ ਸਿੰਘ, ਵਰਿਆਮ ਸਿੰਘ, ਅਵਤਾਰ ਸਿੰਘ, ਮੋਹਨ ਸਿੰਘ, ਸਾਹਿਬ ਸਿੰਘ ਹਜ਼ਰਾ, ਹਰਜਿੰਦਰ ਸਿੰਘ ਹਜ਼ਰਾ, ਮਾਸਟਰ ਸਾਬੀ, ਗੋਪੀ ਪੇਂਟਰ, ਕਾਲਾ ਡਰਾਈਵਰ, ਮੰਗਲ ਸਿੰਘ, ਅਮਰੀਕ ਸਿੰਘ ਮੈਂਬਰ ਪੰਚਾਇਤ, ਮੇਜਰ ਸਿੰਘ ਗਿੱਲ, ਸਰਦੂਲ ਸਿੰਘ ਬੰਟੀ, ਸੁਖਦੇਵ ਸਿੰਘ, ਬਲਵਿੰਦਰ ਸਿੰਘ, ਜਵਾਹਰ ਸਿੰਘ, ਸੁਰਜਨ ਸਿੰਘ, ਪ੍ਰਕਾਸ਼ ਕੌਰ ਪ੍ਰਧਾਨ, ਹਰਜਿੰਦਰ ਕੌਰ, ਗੁਰਭਾਗ ਸਿੰਘ, ਬਲਵਿੰਦਰ ਸਿੰਘ ਫੌਜੀ, ਦਲਬੀਰ ਸਿੰਘ, ਜੋਤੀ, ਅਤੇ ਰਾਜਾ ਬਾਬੂ ਆਦਿ ਨੇ ਕਾਂਗਰਸ ਅਤੇ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਲਿਆ। ਇਸ ਵਕਤ ਮੰਚ ਤੋਂ ਚੇਅਰਮੈਨ ਅਮਰੀਕ ਸਿੰਘ ਸੋਢੀ ਦੇਵੀਦਾਸਪੁਰਾ ਨੇ ਇਕੱਠ ਵਿੱਚ ਪਹੁੰਚੇ ਲੋਕਾਂ ਨੂੰ ਸੰਬੋਧਨ ਕੀਤਾ ਤੇ ਸ੍ਰ ਹਰਭਜਨ ਸਿੰਘ ਈ.ਟੀ.ਓ ਤੇ ਸਮੂਹ ਵਰਕਰਾਂ ਸੂਝਵਾਨ ਲੋਕਾਂ ਦਾ ਧੰਨਵਾਦ ਕੀਤਾ। ਇਸ ਵਕਤ ਬਲਜਿੰਦਰ ਸਿੰਘ ਭੁੱਲਰ, ਸ਼ਮਸ਼ੇਰ ਸਿੰਘ ਸ਼ੇਰਾ, ਰਣਜੀਤ ਸਿੰਘ ਰਾਣਾ, ਲੱਖਾ ਸਿੰਘ, ਮੰਗਲ ਸਿੰਘ ਮੰਨਾ, ਸੁਖਵਿੰਦਰ ਸਿੰਘ, ਸ਼ਿੰਗਾਰਾ ਸਿੰਘ, ਸਤਨਾਮ ਸਿੰਘ, ਜਸਪਾਲ ਸਿੰਘ, ਤਰਸੇਮ ਸਿੰਘ, ਅਤੇ ਹੋਰ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ।

**ਹਰਭਜਨ ਸਿੰਘ ਈਟੀਓ—ਲੋਕਾਂ ਦਾ ਭਾਰੀ ਇਕੱਠ ਰੈਲੀ ਦੇ ਰੂਪ ਚ ਵੇਖ ਕੇ ਹੋਏ ਗਦ-ਗਦ**

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਲਕਾ ਧੂਰੀ ਦੀ ਮੀਟਿੰਗ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ੍ਰ. ਸਿਮਰਨਜੀਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਪਾਰਟੀ ਦੀ ਮਜ਼ਬੂਤੀ ਦੇ ਲਈ ਵਿਧਾਨ ਸਭਾ ਹਲਕਾ ਧੂਰੀ ਦੀ ਇਕ ਹੰਗਾਮੀ ਮੀਟਿੰਗ ਪਾਰਟੀ ਦੇ ਜਿਲ੍ਹਾ ਪ੍ਰਧਾਨ ਗੁਰਨੈਬ ਸਿੰਘ ਰਾਮਪੁਰਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸ ਸੇਵਾ ਸਿੰਘ ਠੀਕਰੀਵਾਲਾ ਦੀ ਹੋਈ ਗ੍ਰਿਫ਼ਤਾਰੀ, ਪਿੰਡ ਖਡਿਆਲ ਵਿਖੇ 20/8/2026 ਨੂੰ ਪਾਰਟੀ ਵੱਲੋਂ ਰੱਖੇ ਇੱਕਠ ਵਿੱਚ ਪਹੁੰਚਣ ਲਈ ਜਥੇਦਾਰਾ ਦੀਆਂ ਡਿਊਟੀਆਂ ਲਗਾਈਆਂ ਗਈਆਂ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਹਿਲ ਕਦਮੀ ਕਰਦਿਆ ਆਪਣੇ ਉਮੀਦਵਾਰਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਖ ਵੱਖ ਹਲਕਿਆ ਦੇ ਉਮੀਦਵਾਰਾਂ ਦਾ ਐਲਾਨ ਕਰਕੇ ਦੂਜੀਆ ਪਾਰਟੀ ਨੂੰ ਪਛਾੜ ਕੇ ਮੋਹਰੀ ਰੋਲ ਅਦਾ ਕੀਤਾ ਹੈ, ਉਮੀਦਵਾਰਾਂ ਨੂੰ ਜਿਤਾਉਣ ਲਈ ਚੋਣ ਸਬੰਧੀ ਵੀ ਵਿਚਾਰ ਵਿਟਾਦਰਾਂ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਸਰਕਾਰਾ ਵੱਲੋਂ ਚਾਹੇ ਰਾਜਿਆਂ ਦਾ ਰਾਜ ਸੀ, ਅੰਗਰੇਜ਼ਾਂ ਦੇ ਰਾਜ ਅਤੇ ਅੱਜ ਦੀਆਂ ਸਰਕਾਰਾ ਹੋਣ ਹਮੇਸ਼ਾ ਸਿੱਖਾਂ ਨਾਲ ਪੰਜਾਬ ਨਾਲ ਧੱਕੇਸ਼ਾਹੀ ਹੁੰਦੀ ਆ ਰਹੀ ਹੈ , ਭਗਵੰਤ ਮਾਨ ਸਰਕਾਰ ਨੇ ਕਿੰਨੇ ਮੁੰਡਿਆ ਨੂੰ ਗੈਂਗਸਟਰ ਕਹਿਕੇ ਮਾਰ ਦਿੱਤਾ। ਉਹਨਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਮਜ਼ਬੂਤ ਕਰਨ ਨਾਲ ਹੀ ਪੰਜਾਬ ਅਤੇ ਪੰਥ ਦਾ ਭਲਾ ਹੋ ਸਕਦਾ ਹੈ। ਇਸ ਮੌਕੇ ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਨਾਹਰ ਸਿੰਘ, ਦੀਦਾਰ ਸਿੰਘ ਰਜਿੰਦਰ ਸਿੰਘ, ਈਸ਼ਰ ਸਿੰਘ ਕਾਂਝਲਾ ਹਰਮਿੰਦਰ ਸਿੰਘ ਲਾਲੀ ਧੂਰੀ, ਬਲਜਿੰਦਰ ਸਿੰਘ ਧੰਦੀਵਾਲ, ਬਿੱਕਰ ਸਿੰਘ ਦੋਹਲਾ ,ਸਰਬਜੀਤ ਸਿੰਘ ਕੱਕੜਵਾਲ ,ਅਤਿੰਦਰਪਾਲ ਸਿੰਘ ਅਲਾਲ, ਕਾਕਾ ਚੋਧਰੀ ਰਾਣੂ ਘਨੌਰੀ, ਪਰਮਿੰਦਰ ਸਿੰਘ ਧੂਰੀ, ਅਲਬੇਲ ਸਿੰਘ ਕਾਲਾਬੂਲਾ ਆਦਿ ਆਗੂ ਹਾਜਰ ਸਨ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂੜ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 25 ਅਗਸਤ ਨੂੰ



**ਫਿਰੋਜ਼ਪੁਰ, 01 ਅਗਸਤ (ਮਨੋਹਰ ਲਾਲ) :**— ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਛੱਪੜੀ ਸਾਹਿਬ, ਪਿੰਡ ਤੂੜ (ਜ਼ਿਲ੍ਹਾ ਫਿਰੋਜ਼ਪੁਰ) ਵਿਖੇ 25 ਅਗਸਤ 2026 (ਭਾਦੋਂ) ਦਿਨ ਮੰਗਲਵਾਰ ਨੂੰ ਬਹੁਤ ਹੀ ਸ਼ਰਧਾ ਅਤੇ ਫ਼ਰੋਖ਼ਤ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਸ਼ਹੀਦ ਬਾਬਾ ਹਿੰਮਤ ਸਿੰਘ ਚੈਰੀਟੇਬਲ ਸਭਾ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਤੂੜ ਦੀ ਸਮੂਹ ਸੰਗਤ ਦੇ ਵਿਸ਼ੇਸ਼ ਸਹਿਯੋਗ ਨਾਲ ਉਲੀਕਿਆ ਗਿਆ ਹੈ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਧਾਰਮਿਕ ਦੀਵਾਨ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਹੋਵੇਗਾ। ਇਸ ਰੂਹਾਨੀ ਸਮਾਗਮ ਦੌਰਾਨ ਵੱਖ—ਵੱਖ ਉੱਚ ਕੋਟੀ ਦੇ ਸੰਤ ਮਹਾਂਪੁਰਖ, ਪੰਥਕ ਢਾਡੀ ਜਥੇ ਅਤੇ ਰਾਗੀ ਸਿੰਘ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ, ਹਰਿਜਸ ਅਤੇ ਗੁਰੂਇਤਿਹਾਸ ਨਾਲ ਜੋੜਨਗੇ। ਇਸ ਮਹਾਨ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੇ ਪ੍ਰਮੁੱਖ ਮਹਾਂਪੁਰਖਾਂ ਅਤੇ ਜਥਿਆਂ ਵਿੱਚ ਸੰਤ ਬਾਬਾ ਅਵਤਾਰ ਸਿੰਘ (ਮੁਖੀ ਦਲ ਬਾਬਾ ਬਿਧੀ ਚੰਦ ਜੀ), ਸੰਤ ਬਾਬਾ ਸੁਖਦੇਵ ਸਿੰਘ (ਬੇਬੇ ਨਾਨਕੀ ਟਰੱਸਟ), ਸੰਤ ਬਾਬਾ ਜੋਗਾ ਸਿੰਘ (ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ), ਸੰਤ ਬਾਬਾ ਕੁਲਦੀਪ ਸਿੰਘ (ਰਤਨਗੜ੍ਹ ਛੰਨਾ ਵਾਲੇ), ਢਾਡੀ ਗੁਰਪ੍ਰਤਾਪ ਸਿੰਘ ਛੱਬਾ, ਰਣਜੀਤ ਸਿੰਘ ਕੰਗਾਲ (ਛੱਬਾ) ਅਤੇ ਸਾਥੀ (ਕਵੀਸ਼ਰੀ ਜਥਾ) ਗਿਆਨੀ ਸੁਖਜੀਤ ਸਿੰਘ ਖਾਲਸਾ ਕਥਾ ਕੀਰਤਨ ਰਾਹੀ ਸੰਗਤਾ ਨੂੰ ਗੁਰਬਾਣੀ ਨਾਲ ਜੋੜਨਗੇ। ਇਨ੍ਹਾਂ ਤੋਂ ਇਲਾਵਾ ਸਿੱਖ ਪੰਥ ਦੀਆਂ ਹੋਰ ਮਹਾਨ ਧਾਰਮਿਕ ਸ਼ਖ਼ਸੀਅਤਾਂ, ਰਾਜਨੀਤਿਕ ਆਗੂ ਅਤੇ ਸਮਾਜ ਸੇਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰ ਕੇ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ। ਸੰਤ ਬਾਬਾ ਬੋਹੜ ਸਿੰਘ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਸਮੇਂ ਸਿਰ ਪਰਿਵਾਰਾਂ ਸਮੇਤ ਗੁਰਦੁਆਰਾ ਛੱਪੜੀ ਸਾਹਿਬ ਵਿਖੇ ਪਹੁੰਚ ਕੇ ਗੁਰਮਤਿ ਵਿਚਾਰਾਂ ਸਰਵਣ ਕਰਨ, ਅੰਮ੍ਰਿਤ ਛਕ ਕੇ ਸਿੰਘ ਸਜਣ ਅਤੇ ਨਸ਼ਿਆਂ ਦਾ ਤਿਆਗ ਕਰਕੇ ਆਪਣੇ ਜੀਵਨ ਨੂੰ ਸਫ਼ਲਾ ਕਰਨ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਦੇ ਬੈਠਣ ਅਤੇ ਹੋਰ ਸਹੂਲਤਾਂ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।

# ਐਸ.ਐਮ.ਓ ਤਲਵੰਡੀ ਸਾਬੋ ਵੱਲੋਂ ਪੀ.ਐਚ.ਸੀ ਜੋਧਪੁਰ ਪਾਖਰ ਦਾ ਕੀਤਾ ਨਿਰੀਖਣ







**ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)**-ਮਾਣਯੋਗ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐਚ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਪੀ.ਐਚ.ਸੀ ਜੋਧਪੁਰ ਪਾਖਰ ਵਿਖੇ ਆਮ ਆਦਮੀ ਕਲੀਨਿਕ ਜੋਧਪੁਰ ਪਾਖਰ ਅਤੇ ਸਬ-ਸੈਂਟਰ ਜੋਧਪੁਰ ਪਾਖਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਤੇ ਡਾ. ਰਵੀਕਾਂਤ ਗੁਪਤਾ ਵੱਲੋਂ ਸਬ-ਸੈਂਟਰ ਜੋਧਪੁਰ ਪਾਖਰ ਅਤੇ ਆਮ ਆਦਮੀ ਕਲੀਨਿਕ ਜੋਧਪੁਰ ਪਾਖਰ ਦਾ ਰਿਕਾਰਡ ਚੈੱਕ ਕੀਤਾ ਗਿਆ। ਉਨਾਂ ਵੱਲੋਂ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਦਵਾਈਆਂ ਦਾ ਵੀ ਨਿਰੀਖਣ ਕੀਤਾ। ਉਨਾਂ ਸਟਾਫ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਕਿਹਾ। ਉਨਾਂ ਵੱਲੋਂ ਆਮ ਆਦਮੀ ਕਲੀਨਿਕ ਜੋਧਪੁਰ ਪਾਖਰ ਅਤੇ ਸਬ-ਸੈਂਟਰ ਵਿਖੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਸਬੰਧੀ ਸਟਾਫ ਨਾਲ ਗੱਲਬਾਤ ਕਰਦੇ ਹੋਏ ਹਦਾਇਤ ਕੀਤੀ ਕਿ ਲੋਕਾਂ ਨੂੰ ਸਾਰੀਆਂ ਸਹੂਲਤਾਂ ਮਿਲਣੀਆਂ ਯਕੀਨੀ ਬਣਾਈਆਂ ਜਾਣ, ਪੀਣ ਵਾਲੇ ਪਾਣੀ ਦਾ ਸਹੀ ਪ੍ਰਬੰਧ ਕੀਤਾ ਜਾਵੇ। ਉਨਾਂ ਵੱਲੋਂ ਡਲਿਵਰੀ ਰਜਿਸਟਰ ਵਿੱਚੋਂ ਮਰੀਜ਼ਾਂ ਨਾਲ ਫੋਨ ਤੇ ਗੱਲ ਕਰਕੇ ਉਨਾਂ ਦੇ ਇਲਾਜ ਬਾਬਤ ਪੁੱਛਿਆ ਤਾਂ ਮਰੀਜ਼ਾਂ ਵੱਲੋਂ ਦੱਸਿਆ ਗਿਆ ਕਿ ਉਨਾਂ ਦਾ ਵਧੀਆ ਇਲਾਜ ਹੋਇਆ ਹੈ ਤੇ ਸਾਰੀ ਦਵਾਈ ਹਸਪਤਾਲ ਦੇ ਅੰਦਰੋਂ ਹੀ ਦਿੱਤੀ ਗਈ ਹੈ। ਉਨਾਂ ਸਟਾਫ ਨੂੰ ਡਿਊਟੀ ਤੇ ਆਪਣੀ ਵਰਦੀ ਪਾ ਕੇ ਡਿਊਟੀ ਕਰਨ ਦੀ ਵੀ ਹਦਾਇਤ ਕੀਤੀ। ਉਨਾਂ ਇਸ ਮੌਕੇ ਆਸ਼ਾ ਵਰਕਰਾਂ ਦਾ ਰਿਕਾਰਡ ਚੈੱਕ ਕਰਦੇ ਹੋਏ ਉਨਾਂ ਨੂੰ ਡਲਿਵਰੀਆਂ ਸਰਕਾਰੀ ਹਸਪਤਾਲ ਵਿੱਚ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨਾਂ ਕਿਹਾ ਕਿ ਭਵਿੱਖ ਵਿੱਚ ਵੀ ਉਨਾਂ ਵੱਲੋਂ ਸਿਹਤ ਸੇਵਾਵਾਂ ਵਿੱਚ ਸੁਧਾਰ ਲਿਆਉਣ ਲਈ ਸਿਹਤ ਸੰਸਥਾਵਾਂ ਦਾ ਨਿਰੀਖਣ ਜਾਰੀ ਰਹੇਗਾ। ਇਸ ਮੌਕੇ ਤੇ ਡਾ. ਮੋਹਿਤਾ ਫੈਸਿਲਟੀ ਮੈਨੇਜਰ, ਸ਼੍ਰੀ ਗੁਰਪਾਲ ਸਿੰਘ ਅਤੇ ਪੀ.ਐਚ.ਸੀ ਜੋਧਪੁਰ ਪਾਖਰ ਦਾ ਸਟਾਫ ਹਾਜਰ ਸੀ।

## ਕੈਨੇਡਾ ਵਿੱਚ 8 ਲੱਖ ਡਾਲਰ ਦੀ ਕਥਿਤ ਠੱਗੀ

# 29 ਸਾਲਾ ਭਾਰਤੀ ਤਾਂਤਰਿਕ ਗੰਗਾਧਰ ਬਾਬੂ ਦੀ ਟੋਰਾਂਟੋ ਪੁਲਿਸ ਨੂੰ ਭਾਲ





**ਟੋਰਾਂਟੋ/ਕੈਨੇਡਾ/ਪਟਿਆਲਾ, 1 ਅਗਸਤ (ਆਵਾਜ਼ਿ ਕੌਮ ਬਿਊਰੋ)-** ਕੈਨੇਡਾ ਦੇ ਟੋਰਾਂਟੋ ਸ਼ਹਿਰ ਵਿੱਚ ਕਥਿਤ ਰੂਪ ਵਿੱਚ ਲੋਕਾਂ ਨਾਲ ਕਰੀਬ 8 ਲੱਖ ਕੈਨੇਡੀਅਨ ਡਾਲਰ ਦੀ ਠੱਗੀ ਕਰਨ ਦੇ ਦੋਸ਼ਾਂ ਹੇਠ 29 ਸਾਲਾ ਭਾਰਤੀ ਮੂਲ ਦੇ ਤਾਂਤਰਿਕ ਗੰਗਾਧਰ ਬਾਬੂ ਦੀ ਟੋਰਾਂਟੋ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਪੁਲਿਸ ਦਾ ਦਾਅਵਾ ਹੈ ਕਿ ਮੁਲਜ਼ਮ ਨੇ ਲੋਕਾਂ ਦੀਆਂ ਧਾਰਮਿਕ ਅਤੇ ਨਿੱਜੀ ਸਮੱਸਿਆਵਾਂ ਦਾ ਫਾਇਦਾ ਚੁੱਕਦੇ ਹੋਏ ਵੱਡੀ ਰਕਮ ਹਾਸਲ ਕੀਤੀ। ਪੁਲਿਸ ਮੁਤਾਬਕ ਇਹ ਕਥਿਤ ਠੱਗੀਆਂ ਅਪ੍ਰੈਲ 2024 ਤੋਂ ਸਤੰਬਰ 2025 ਦੇ ਦਰਮਿਆਨ ਹੋਈਆਂ। ਜਾਂਚ ਏਜੰਸੀਆਂ ਦਾ ਮੰਨਣਾ ਹੈ ਕਿ ਦੋਸ਼ੀ ਹੁਣ ਭਾਰਤ ਫਰਾਰ ਹੋ ਚੁੱਕਾ ਹੋ ਸਕਦਾ ਹੈ, ਜਿਸ ਕਾਰਨ ਉਸ ਦੀ ਗ੍ਰਿਫ਼ਤਾਰੀ ਲਈ ਯਤਨ ਜਾਰੀ ਹਨ।

ਲੋਕਾਂ ਨੂੰ ਡਰ ਦੇ ਕੇ ਕਰਦਾ ਸੀ ਪੈਸਿਆਂ ਦੀ ਮੰਗ- ਜਾਂਚ ਅਨੁਸਾਰ ਗੰਗਾਧਰ ਬਾਬੂ ਆਪਣੇ ਆਪ ਨੂੰ ਤਾਂਤਰਿਕ, ਜੋਤਸ਼ੀ, ਭਵਿੱਖ ਦੱਸਣ ਵਾਲਾ ਅਤੇ ਰੂਹਾਨੀ ਇਲਾਜ ਕਰਨ ਵਾਲਾ ਵਿਅਕਤੀ ਦੱਸ ਕੇ ਲੋਕਾਂ ਨਾਲ ਸੰਪਰਕ ਕਰਦਾ ਸੀ। ਜ਼ਿਆਦਾਤਰ ਲੋਕ ਆਪਣੀਆਂ ਨਿੱਜੀ, ਪਰਿਵਾਰਕ ਜਾਂ ਆਰਥਿਕ ਸਮੱਸਿਆਵਾਂ ਦਾ ਹੱਲ ਲੱਭਣ ਲਈ ਉਸ ਕੋਲ ਖੁਦ ਜਾਂਦੇ ਸਨ। ਪੁਲਿਸ ਦਾ ਦੋਸ਼ ਹੈ ਕਿ ਪਹਿਲਾਂ ਉਹ ਸਮੱਸਿਆ ਦਾ ਹੱਲ ਕਰਨ ਦੇ ਨਾਂ 'ਤੇ ਪੈਸੇ ਲੈ ਲੈਂਦਾ ਸੀ। ਇਸ ਤੋਂ ਬਾਅਦ ਉਹ ਪੀੜਤਾਂ ਨੂੰ ਡਰਾਉਂਦਾ ਕਿ ਜੇ ਹੋਰ ਪੈਸੇ ਨਾ ਦਿੱਤੇ ਗਏ ਤਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਮੌਤ ਹੋ ਸਕਦੀ ਹੈ ਜਾਂ ਕੋਈ ਵੱਡੀ ਅਣਹੋਣੀ ਵਾਪਰ ਸਕਦੀ ਹੈ। ਇਸ ਤਰ੍ਹਾਂ ਡਰ ਅਤੇ ਅੰਧਵਿਸ਼ਵਾਸ ਦਾ ਸਹਾਰਾ ਲੈ ਕੇ ਉਸ ਨੇ ਕਈ ਲੋਕਾਂ ਤੋਂ ਸੈਂਕੜਿਆਂ ਤੋਂ ਲੈ ਕੇ ਹਜ਼ਾਰਾਂ ਡਾਲਰ ਤੱਕ ਕਥਿਤ ਤੌਰ 'ਤੇ ਠੱਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਦੋਸ਼ੀ ਦਾ ਹੂਲੀਆ-ਟੋਰਾਂਟੋ ਪੁਲਿਸ ਵੱਲੋਂ ਜਾਰੀ ਕੀਤੀ ਜਾਣਕਾਰੀ ਅਨੁਸਾਰ ਗੰਗਾਧਰ ਬਾਬੂ ਦਾ ਹੂਲੀਆ ਹੇਠ ਲਿਖੇ ਅਨੁਸਾਰ ਹੈ:

* ਉਮਰ: 29 ਸਾਲ
* ਕੱਦ: 5 ਫ਼ੁੱਟ 6 ਇੰਚ
* ਸਰੀਰ: ਪਤਲਾ
* ਵਾਲ: ਕਾਲੇ ਅਤੇ ਘੁੰਗਰਾਲੇ
* ਅੱਖਾਂ: ਗੂੜ੍ਹੇ ਭੂਰੇ ਰੰਗ ਦੀਆਂ
* ਦਾੜ੍ਹੀ: ਛੋਟੀ ਕੱਟੀ ਹੋਈ
* ਖ਼ਾਸ ਪਛਾਣ: ਸਾਹਮਣੇ ਦੇ ਦੋ ਦੰਦਾਂ ਵਿਚਕਾਰ ਸਪੱਸ਼ਟ ਫ਼ਾਸਲਾ

ਪੁਲਿਸ ਦੀ ਲੋਕਾਂ ਨੂੰ ਅਪੀਲ-ਟੋਰਾਂਟੋ ਪੁਲਿਸ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇ ਕਿਸੇ ਕੋਲ ਗੰਗਾਧਰ ਬਾਬੂ ਬਾਰੇ ਕੋਈ ਵੀ ਜਾਣਕਾਰੀ ਹੋਵੇ ਤਾਂ ਉਹ 416-808-3200 'ਤੇ ਪੁਲਿਸ ਨਾਲ ਤੁਰੰਤ ਸੰਪਰਕ ਕਰਨ। ਪੁਲਿਸ ਨੂੰ ਸ਼ੱਕ ਹੈ ਕਿ ਇਸ ਮਾਮਲੇ ਵਿੱਚ ਹੋਰ ਵੀ ਪੀੜਤ ਸਾਹਮਣੇ ਆ ਸਕਦੇ ਹਨ ਅਤੇ ਜਾਂਚ ਅਜੇ ਵੀ ਜਾਰੀ ਹੈ।

ਇਹ ਮਾਮਲਾ ਇੱਕ ਵਾਰ ਫਿਰ ਲੋਕਾਂ ਨੂੰ ਅੰਧਵਿਸ਼ਵਾਸ, ਝੂਠੇ ਤਾਂਤਰਿਕਾਂ ਅਤੇ ਚਮਤਕਾਰਾਂ ਦੇ ਨਾਂ 'ਤੇ ਪੈਸੇ ਠੱਗਣ ਵਾਲੇ ਗਿਰੋਹਾਂ ਤੋਂ ਸਾਵਧਾਨ ਰਹਿਣ ਦੀ ਚੇਤਾਵਨੀ ਦਿੰਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਕਿਸੇ ਵੀ ਵਿਅਕਤੀ ਵੱਲੋਂ ਡਰਾ-ਧਮਕਾ ਕੇ ਪੈਸੇ ਮੰਗਣ ਦੀ ਸਥਿਤੀ ਵਿੱਚ ਤੁਰੰਤ ਪੁਲਿਸ ਜਾਂ ਸੰਬੰਧਤ ਅਧਿਕਾਰੀਆਂ ਨੂੰ ਸੂਚਿਤ ਕਰਨਾ ਚਾਹੀਦਾ ਹੈ।

## ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸੱਤ ਪਿੰਡਾਂ ਨੂੰ ਆਧੁਨਿਕ 5000 ਲੀਟਰ ਸਮਰੱਥਾ ਵਾਲੇ

# ਵਾਟਰ ਟੈਂਕ ਫਾਇਰ ਫਾਈਟਿੰਗ ਸਿਸਟਮ ਸਮੇਤ ਭੇਟ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਅੱਜ ਹਲਕੇ ਦੇ ਪਿੰਡ ਲੱਖੇਵਾਲ, ਨੰਦਗੜ੍ਹ, ਫੱਗੂਵਾਲ, ਖੇੜੀ ਚੰਦਵਾ, ਫੁੰਮਣਵਾਲ, ਹਰਕਿਸ਼ਨਪੁਰਾ ਅਤੇ ਭਰਾਜ ਨੂੰ 5000 ਲੀਟਰ ਸਮਰੱਥਾ ਵਾਲੇ ਆਧੁਨਿਕ ਵਾਟਰ ਟੈਂਕ ਭੇਟ ਕੀਤੇ ਗਏ। ਇਨ੍ਹਾਂ ਵਾਟਰ ਟੈਂਕਾਂ ਨਾਲ ਆਧੁਨਿਕ ਫਾਇਰ ਫਾਈਟਿੰਗ ਸਿਸਟਮ ਵੀ ਲਗਾਇਆ ਗਿਆ ਹੈ, ਜਿਸ ਨਾਲ ਅੱਗ ਲੱਗਣ ਵਰਗੀਆਂ ਐਮਰਜੈਂਸੀ ਸਥਿਤੀਆਂ ਦੌਰਾਨ ਤੁਰੰਤ ਕਾਰਵਾਈ ਕਰਕੇ ਜਾਨ-ਮਾਲ ਦੀ ਸੁਰੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਯਕੀਨੀ ਬਣਾਇਆ ਜਾ ਸਕੇਗਾ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਨੂੰ ਆਧੁਨਿਕ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨ ਦੇ ਨਾਲ-ਨਾਲ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦੌਰਾਨ ਸਮੇਂ ਸਿਰ ਸਾਧਨਾਂ ਦੀ ਉਪਲਬਧਤਾ ਬਹੁਤ ਮਹੱਤਵਪੂਰਨ ਹੁੰਦੀ ਹੈ। ਇਹ ਆਧੁਨਿਕ ਵਾਟਰ ਟੈਂਕ ਅਤੇ ਫਾਇਰ ਫਾਈਟਿੰਗ ਸਿਸਟਮ ਅਜਿਹੀਆਂ ਸਥਿਤੀਆਂ ਵਿੱਚ ਤੁਰੰਤ ਰਾਹਤ ਪਹੁੰਚਾਉਣ ਅਤੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਹਲਕਾ ਸੰਗਰੂਰ ਦੇ ਹਰ ਪਿੰਡ ਦਾ ਸਰਵਪੱਖੀ ਵਿਕਾਸ, ਬੁਨਿਆਦੀ ਸਹੂਲਤਾਂ ਦਾ ਵਿਸਥਾਰ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਲੋੜਾਂ ਅਤੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਂਦਾ ਰਹੇਗਾ। ਵਿਧਾਇਕ ਭਰਾਜ ਨੇ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਵਾਟਰ ਟੈਂਕਾਂ ਅਤੇ ਫਾਇਰ ਫਾਈਟਿੰਗ ਸਿਸਟਮ ਦੀ ਸੰਭਾਲ ਅਤੇ ਸਹੀ ਵਰਤੋਂ ਨੂੰ ਯਕੀਨੀ ਬਣਾਉਣ, ਤਾਂ ਜੋ ਕਿਸੇ ਵੀ ਸੰਕਟ ਦੀ ਘੜੀ ਵਿੱਚ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਇਸ ਮੌਕੇ ਤੇਜਵਿੰਦਰ ਸਿੰਘ, ਚਮਕੌਰ ਸਿੰਘ (ਖੇੜੀ ਚੰਦਵਾ), ਲਖਵਿੰਦਰ ਸਿੰਘ (ਫੱਗੂਵਾਲ), ਗੁਰਪ੍ਰੀਤ ਸਿੰਘ (ਫੱਗੂਵਾਲ), ਰੌਕੀ, ਜਗਸੀਰ ਸਿੰਘ (ਝਨੇੜੀ), ਕੁਲਵਿੰਦਰ ਸਿੰਘ, ਮਨਿੰਦਰ ਸਿੰਘ, ਸਰਪੰਚ ਸੁਖਚੈਨ ਸਿੰਘ, ਬਿੰਦਰ ਖਹਿਰਾ, ਸਿਮਰਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਪਤਵੰਤੇ ਹਾਜ਼ਰ ਸਨ।

> ਪਿੰਡਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨਾ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਨਰਿੰਦਰ ਕੌਰ ਭਰਾਜ

ਆਵਾਜ਼ਿ ਕੌਮ AWAZE QAUM International Newspaper & WEB TV

## ਐਡਵਵੋਕੇਟ ਅਜੇਵੀਰ ਸਿੰਘ ਆਜ਼ਾਦ ਆਲ ਇੰਡੀਆ ਬਾਰ ਇੰਗਜਾਮੀਨੇਸ਼ਨ ਪਾਸ ਕਰਨ ਪਿਛੋਂ

# ਗੁ: ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਨਤਮਸਤਕ



**ਚੌਕ ਮਹਿਤਾ, 1 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਐਡਵੋਕੇਟ ਅਜੇਵੀਰ ਸਿੰਘ ਅਜ਼ਾਦ ਆਲ ਇੰਡੀਆ ਬਾਰ ਇੰਗਜਾਮੀਨੇਸ਼ਨ-21 ਪਾਸ ਕਰਨ 'ਤੇ ਅੱਜ ਗੁ: 9ਵੀਂ ਪਾਤਿਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋਏ, ਉਹ ਐਡਵੋਕੇਟ ਲੱਖਾ ਸਿੰਘ ਅਜ਼ਾਦ ਦੇ ਵੱਡੇ ਸਪੁੱਤਰ ਹਨ ਅਤੇ ਪੂਰਨ ਗੁਰਸਿੱਖ ਹਨ । ਇਸ ਮੌਕੇ ਸਾਬਕਾ ਵਿਧਾਇਕ ਜ: ਬਲਜੀਤ ਸਿੰਘ ਜਲਾਲ ਉਸਮਾ ਅਤੇ ਮੈਨੇਜਰ ਭਾਈ ਨਿਸ਼ਾਨ ਸਿੰਘ ਜੱਫਰਵਾਲ ਨੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਇਕ ਗੁਰਸਿੱਖ ਨੌਜਵਾਨ ਨੇ ਇਹ ਪ੍ਰਾਪਤੀ ਕੀਤੀ ਹੈ ।ਇਸ ਮੌਕੇ ਮੀਤ ਮੈਨੇਜਰ ਭਾਈ ਸ਼ੇਰ ਸਿੰਘ, ਇੰਚਾ: ਸੁਖਵਿੰਦਰ ਸਿੰਘ ਬੁਤਾਲਾ, ਦਿਲਬਾਗ ਸਿੰਘ ਤਰਨ ਤਾਰਨ, ਅਮਰਜੀਤ ਸਿੰਘ ਅਕਾਊਟੈਂਟ, ਜਰਮਨਜੀਤ ਸਿੰਘ ਜਲਾਲ ਉਸਮਾਂ, ਪ੍ਰਧਾਨ ਗਿਆਨ ਸਿੰਘ ਬੁਤਾਲਾ, ਤੇਜਿੰਦਰ ਸਿੰਘ ਬੱਲ ਸਠਿਆਲਾ, ਜਸਬੀਰ ਸਿੰਘ ਖੱਬੇ ਰਾਜਪੂਤਾਂ, ਨਿਰਮਲ ਸਿੰਘ ਸਹਾਇਕ ਰਿਕਾਰਡ ਕੀਪਰ, ਜਸਵਿੰਦਰ ਸਿੰਘ ਕਾਲਾ, ਮੰਗਦੀਪ ਸਿੰਘ, ਮਨਜਿੰਦਰ ਸਿੰਘ ਭੁੱਲਰ, ਜੋਗਿੰਦਰ ਸਿੰਘ ਪਾਇਲਟ, ਦਵਿੰਦਰ ਸਿੰਘ ਭੱਟੀਵਾਲ, ਚਰਨਜੀਤ ਸਿੰਘ ਸਟੋਰ ਕੀਪਰ, ਜ: ਗੁਰਭੇਜ ਸਿੰਘ ਸਰਾਂ, ਜ: ਹਰਬਿੰਦਰ ਸਿੰਘ ਧਾਰੋਵਾਲੀ, ਲਖਵਿੰਦਰ ਸਿੰਘ, ਹਰਪ੍ਰੀਤ ਸਿੰਘ ਆਨੰਦ ਅਤੇ ਹੋਰ ਸਟਾਫ ਹਾਜ਼ਰ ਸੀ ।

# ਚੜਦੀਕਲਾ ਵੈਲਫੇਅਰ ਕਲੱਬ ਵੱਲੋਂ ਲਗਾਏ ਗਏ ਕੈਂਪ ਮੌਕੇ ਡਾਕਟਰ ਪ੍ਰਿਅੰਕਾ ਨੂੰ ਕੀਤਾ ਸਨਮਾਨਿਤ



**ਤਲਵੰਡੀ ਸਾਬੋ, 1 ਅਗਸਤ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਦੇ ਅਗਰਵਾਲ ਪੀਰਖਾਨਾ ਵਿਖੇ ਡਾਕਟਰ ਪ੍ਰਿਅੰਕਾ ਗਰਗ ਵੱਲੋਂ ਆਪਣੀ ਮਾਂ ਨੂੰ ਸਮਰਪਿਤ ਦੂਜਾ ਨੱਕ, ਕੰਨ ਅਤੇ ਗਲੇ ਦਾ ਫਰੀ ਚੈੱਕ ਅਪ ਕੈਂਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਚੜ੍ਹਦੀ ਕਲਾ ਵੈਲਫੇਅਰ ਕਲੱਬ ਦੇ ਮੈਂਬਰਾਂ ਵੱਲੋਂ ਡਾਕਟਰ ਪ੍ਰਿਅੰਕਾ ਗਰਗ ਨੂੰ ਸਨਮਾਨਿਤ ਕੀਤਾ ਗਿਆ। ਇਸ ਕੈਂਪ ਵਿੱਚ ਡਾਕਟਰ ਪ੍ਰਿਅੰਕਾ ਗਰਗ ਨੇ ਦੱਸਿਆ ਕਿ ਲਗਭਗ 200 ਦੇ ਕਰੀਬ ਮਰੀਜ਼ਾਂ ਨੂੰ ਚੈੱਕ ਅਪ ਕਰਕੇ ਫਰੀ ਮੈਡੀਕਲ ਦਵਾਈਆਂ ਦਿੱਤੀਆਂ ਗਈਆਂ ਇਸ ਮੌਕੇ ਕਲੱਬ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪ੍ਰਿਅੰਕਾ ਗਰਗ ਸਾਡੇ ਹੀ ਪਿੰਡ ਜਗਾ ਰਾਮ ਤੀਰਥ ਦੀ ਜੰਮਪਲ ਧੀ ਹੈ ਜੋ ਕਿ ਆਪਣੀ ਮੰਮੀ ਨੂੰ ਸਮਰਪਿਤ ਦੂਜਾ ਮੈਡੀਕਲ ਕੈਂਪ ਲਗਾ ਰਹੀ ਹੈ। ਸਾਨੂੰ ਬੜੀ ਮਾਣ ਦੀ ਗੱਲ ਹੈ ਕਿ ਸਾਡੇ ਪਿੰਡ ਦੀ ਇਹ ਬੇਟੀ ਬਹੁਤ ਹੀ ਵੱਡੀ ਨੱਕ, ਕੰਨ ਅਤੇ ਗਲੇ ਦੀ ਸਪੈਸ਼ਿਲਸਟ ਡਾਕਟਰ ਹੈ ਸਾਡੇ ਵੱਲੋਂ ਇਸ ਬੇਟੀ ਦਾ ਮਾਣ ਸਨਮਾਨ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਇਹ ਇਹੋ ਜਿਹੇ ਕੈਂਪ ਪਿੰਡ ਵਿੱਚ ਲੱਗਣੇ ਜਰੂਰੀ ਹਨ ਜਿੰਨਾਂ ਨੂੰ ਅਸੀਂ ਸਹਿਯੋਗ ਦਿੰਦੇ ਰਹਾਂਗੇ। ਇਸ ਮੌਕੇ ਮਰੀਜ਼ਾਂ ਨੂੰ ਚਾਹ ਪਾਣੀ ਦਾ ਅਤੇ ਲੰਗਰ ਦੇ ਪ੍ਰਬੰਧ ਵੀ ਕੀਤੇ ਗਏ। ਇਸ ਮੌਕੇ ਕਲੱਬ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਬਿੱਟੂ, ਮਾਸਟਰ ਬਲਦੇਵ ਸਿੰਘ, ਰਾਜਪਾਲ ਸਿੰਘ, ਰਾਜਪਾਲ ਸਿੰਘ, ਬੌਬੀ ਸਿੰਘ, ਸਮਾਜ ਸੇਵੀ ਸੁਰਿੰਦਰ ਸਿੰਘ ਸਿੱਧੂ ਅਤੇ ਬਹੁਤ ਸਾਰੇ ਪਿੰਡ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਸਰ ਵਿੱਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਦੇ ਦੋਸ਼: ਸ਼ਰੇਆਮ ਚੱਲ ਰਹੀਆਂ ਹਨ ਅਣਅਧਿਕਾਰਤ ਫਾਸਟ ਫੂਡ ਫੈਕਟਰੀਆਂ

☛ ਰੈਸਟੋਰੈਂਟ ਰੇਹੜੀਆਂ ਤੇ ਖੁਲੇਆਮ ਪਰੋਸਿਆ ਜਾ ਰਿਹਾ ਹੈ ਅਸ਼ੁੱਧ ਫਾਸਟ ਫੂਡ-ਹੋ ਸਕਦੀਆ ਹਨ ਕੈਂਸਰ ਵਰਗੀਆਂ ਘਾਤਕ ਬੀਮਾਰੀਆਂ

☛ ਸਵਾਲ- ਅੰਮ੍ਰਿਤਸਰ ਸਿਹਤ ਵਿਭਾਗ ਕਿਉ ਨਹੀ ਕਰਦਾ ਕਾਰਵਾਈ





**ਚੌਕ ਮਹਿਤਾ, 1 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਵਿੱਚ ਕਥਿਤ ਤੌਰ 'ਤੇ ਗੈਰ-ਪ੍ਰਮਾਣਿਤ ਫਾਸਟ ਫੂਡ ਬਣਾਉਣ ਵਾਲੀਆਂ ਇਕਾਈਆਂ ਦੇ ਸੰਚਾਲਨ ਨੂੰ ਲੈ ਕੇ ਸਵਾਲ ਉੱਠ ਰਹੇ ਹਨ। ਦੋਸ਼ ਹਨ ਕਿ ਕੁਝ ਇਕਾਈਆਂ ਵਿੱਚ ਸੋਇਆ ਚਾਪ, ਨੂਡਲਜ਼, ਸੌਸ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤੂਆਂ ਗੈਰ-ਸਫ਼ਾਈ ਵਾਲੇ ਮਾਹੌਲ ਵਿੱਚ ਤਿਆਰ ਕਰਕੇ ਸ਼ਹਿਰ ਦੇ ਰੈਸਟੋਰੈਂਟਾਂ, ਢਾਬਿਆਂ ਅਤੇ ਰੇਹੜੀਆਂ 'ਤੇ ਸਪਲਾਈ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਲੋਕਾਂ ਦੀ ਸਿਹਤ ਨੂੰ ਖਤਰਾ ਪੈਦਾ ਹੋ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਵੀ ਦਾਅਵਾ ਕੀਤਾ ਜਾ ਰਿਹਾ ਹੈ ਕਿ ਕੁਝ ਉਤਪਾਦਾਂ ਦੀ ਤਿਆਰੀ ਦੌਰਾਨ ਘਟੀਆ ਗੁਣਵੱਤਾ ਵਾਲਾ ਕੱਚਾ ਮਾਲ, ਨਕਲੀ ਰੰਗ ਅਤੇ ਹੋਰ ਰਸਾਇਣਾਂ ਦੀ ਵਰਤੋਂ ਕੀਤੀ ਜਾਂਦੀ ਹੈ। ਹਾਲਾਂਕਿ, ਇਨ੍ਹਾਂ ਦੋਸ਼ਾਂ ਦੀ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਇਸ ਲਈ ਇਨ੍ਹਾਂ ਦਾਵਿਆਂ ਦੀ ਸੁਤੰਤਰ ਜਾਂਚ ਹੋਣਾ ਜ਼ਰੂਰੀ ਹੈ।

ਦੋਸ਼ਾਂ ਅਨੁਸਾਰ, ਜਿਨ੍ਹਾਂ ਥਾਵਾਂ 'ਤੇ ਇਹ ਖਾਣ-ਪੀਣ ਵਾਲੀਆਂ ਵਸਤੂਆਂ ਤਿਆਰ ਕੀਤੀਆਂ ਜਾਂਦੀਆਂ ਹਨ, ਉੱਥੇ ਸਫ਼ਾਈ ਦੇ ਮਾਪਦੰਡਾਂ ਅਤੇ ਫੂਡ ਸੇਫਟੀ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ। ਇਸ ਕਾਰਨ ਖਪਤਕਾਰਾਂ ਦੀ ਸਿਹਤ 'ਤੇ ਨਕਾਰਾਤਮਕ ਪ੍ਰਭਾਵ ਪੈਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

ਜੋਗਾ ਸਿੰਘ ਰਾਜਪੂਤ, ਜਨਰਲ ਸਕੱਤਰ, ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ, ਨੇ ਕਿਹਾ ਕਿ ਜੇਕਰ ਇਹ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਇਹ ਫੂਡ ਸੇਫਟੀ ਨਿਯਮਾਂ ਦੀ ਗੰਭੀਰ ਉਲੰਘਣਾ ਹੋਵੇਗੀ ਅਤੇ ਲੋਕਾਂ ਦੀ ਸਿਹਤ ਨਾਲ ਵੱਡਾ ਖਿਲਵਾੜ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਨਿਯਮਿਤ ਜਾਂਚ ਅਤੇ ਪ੍ਰਭਾਵਸ਼ਾਲੀ ਨਿਗਰਾਨੀ ਦੀ ਕਮੀ ਕਾਰਨ ਅਜਿਹੀਆਂ ਗਤੀਵਿਧੀਆਂ ਬੇਰੋਕ ਜਾਰੀ ਹਨ। ਉਨ੍ਹਾਂ ਨੇ ਸੰਬੰਧਿਤ ਵਿਭਾਗਾਂ ਤੋਂ ਤੁਰੰਤ ਜਾਂਚ ਕਰਵਾਉਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

ਸਿਹਤ ਮਾਹਿਰਾਂ ਅਨੁਸਾਰ, ਗੈਰ-ਸਫ਼ਾਈ ਵਾਲੇ ਮਾਹੌਲ ਵਿੱਚ ਤਿਆਰ ਖਾਣ-ਪੀਣ ਦੀਆਂ ਵਸਤੂਆਂ ਦੇ ਸੇਵਨ ਨਾਲ ਫੂਡ ਪੋਇਜ਼ਿਨੰਗ, ਪੇਟ ਨਾਲ ਸੰਬੰਧਿਤ ਬਿਮਾਰੀਆਂ, ਬੈਕਟੀਰੀਆਲ ਇਨਫੈਕਸ਼ਨ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਖਤਰਾ ਵੱਧ ਸਕਦਾ ਹੈ। ਇਸ ਲਈ ਖਾਦ ਪਦਾਰਥਾਂ ਦਾ ਨਿਰਮਾਣ ਨਿਰਧਾਰਤ ਸਫ਼ਾਈ ਅਤੇ ਸੁਰੱਖਿਆ ਮਾਪਦੰਡਾਂ ਅਨੁਸਾਰ ਹੋਣਾ ਬਹੁਤ ਜ਼ਰੂਰੀ ਹੈ।

ਸ਼ਹਿਰ ਵਾਸੀਆਂ ਨੇ ਪੰਜਾਬ ਸਿਹਤ ਵਿਭਾਗ ਅਤੇ ਫੂਡ ਸੇਫਟੀ ਵਿੰਗ ਤੋਂ ਮੰਗ ਕੀਤੀ ਹੈ ਕਿ ਕਥਿਤ ਗੈਰ-ਪ੍ਰਮਾਣਿਤ ਫਾਸਟ ਫੂਡ ਇਕਾਈਆਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਜਾਵੇ, ਖਾਣ-ਪੀਣ ਵਾਲੀਆਂ ਵਸਤੂਆਂ ਦੇ ਨਮੂਨੇ ਲੈ ਕੇ ਲੈਬੋਰਟਰੀ ਵਿੱਚ ਟੈਸਟ ਕਰਵਾਏ ਜਾਣ ਅਤੇ ਜੇਕਰ ਕੋਈ ਇਕਾਈ ਨਿਯਮਾਂ ਦੀ ਉਲੰਘਣਾ ਕਰਦੀ ਪਾਈ ਜਾਂਦੀ ਹੈ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ।

## ਅਕਾਲ ਯੂਨੀਵਰਸਿਟੀ ਵਿਖੇ ਰਾਸ਼ਟਰੀ ਸਿੱਖਿਆ ਨੀਤੀ-2020 ਤਹਿਤ

# ਪੰਜਾਬੀ ਭਾਸ਼ਾ ਦੇ ਮੁਲਾਂਕਣ ਬਾਰੇ ਤਿੰਨ ਰੋਜ਼ਾ ਰਾਸ਼ਟਰੀ ਵਰਕਸ਼ਾਪ ਦਾ ਸਫ਼ਲ ਸਮਾਪਨ





**ਤਲਵੰਡੀ ਸਾਬੋ, 1 ਅਗਸਤ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਐਜੂਕੇਸ਼ਨ ਵਿਭਾਗ ਵੱਲੋਂ 'ਨੈਸ਼ਨਲ ਟੈਸਟਿੰਗ ਸਰਵਿਸ-ਇੰਡੀਆ', 'ਸੈਂਟਰਲ ਇੰਸਟੀਚਿਊਟ ਆਫ਼ ਇੰਡੀਅਨ ਲੈਂਗੂਏਜਜ਼' ਮੈਸੂਰ ਅਤੇ 'ਉੱਤਰੀ ਖੇਤਰੀ ਭਾਸ਼ਾ ਕੇਂਦਰ' ਪਟਿਆਲਾ ਦੇ ਸਹਿਯੋਗ ਨਾਲ ਕਰਵਾਈ ਗਈ ਤਿੰਨ ਰੋਜ਼ਾ ਰਾਸ਼ਟਰੀ ਵਰਕਸ਼ਾਪ ਪ੍ਰਭਾਵਸ਼ਾਲੀ ਸਮਾਪਤੀ ਸਮਾਰੋਹ ਨਾਲ ਸਫ਼ਲਤਾਪੂਰਵਕ ਸਮਾਪਤ ਹੋ ਗਈ। 'ਰਾਸ਼ਟਰੀ ਸਿੱਖਿਆ ਨੀਤੀ-2020 ਦੇ ਸੰਦਰਭ ਵਿੱਚ ਪੰਜਾਬੀ ਭਾਸ਼ਾ ਵਿੱਚ ਪ੍ਰੀਖਿਆ, ਮੁਲਾਂਕਣ ਅਤੇ ਪ੍ਰਸ਼ਨ ਨਿਰਮਾਣ' ਦੇ ਉਦੇਸ਼ ਨਾਲ ਕਰਵਾਈ ਗਈ ਇਸ ਵਰਕਸ਼ਾਪ ਵਿੱਚ ਲਗਭਗ 150 ਅਧਿਆਪਕਾਂ ਅਤੇ ਖੋਜਾਰਥੀਆਂ ਨੇ ਭਾਗ ਲਿਆ। ਸਮਾਪਤੀ ਸਮਾਰੋਹ ਦੀ ਸ਼ੁਰੂਆਤ ਦੌਰਾਨ ਐਜੂਕੇਸ਼ਨ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਮਿਸਟਰ ਮੁਦਾਸਿਰ ਅਮੀਨ ਨੇ ਤਿੰਨਾਂ ਦਿਨਾਂ ਦਰਮਿਆਨ ਹੋਈਆਂ ਤਕਨੀਕੀ ਚਰਚਾਵਾਂ, ਗਰੁੱਪ ਪ੍ਰਸਤੁਤੀਆਂ ਅਤੇ ਪ੍ਰਮੁੱਖ ਨਤੀਜਿਆਂ ਬਾਰੇ ਵਿਸਥਾਰਪੂਰਵਕ ਰਿਪੋਰਟ ਪੇਸ਼ ਕੀਤੀ। ਮੰਚ ਤੋਂ ਸੰਬੋਧਨ ਕਰਦਿਆਂ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਜੀ. ਐੱਸ. ਲਾਂਬਾ ਨੇ ਕਿਹਾ ਕਿ ਇਸ ਵਰਕਸ਼ਾਪ ਦੀ ਅਸਲ ਸਫ਼ਲਤਾ ਉਦੋਂ ਹੀ ਸਿੱਧ ਹੋਵੇਗੀ ਜਦੋਂ ਇੱਥੋਂ ਪ੍ਰਾਪਤ ਗਿਆਨ ਅਤੇ ਹੁਨਰ ਨੂੰ ਸਕੂਲਾਂ ਤੇ ਕਾਲਜਾਂ ਦੀਆਂ ਜਮਾਤਾਂ ਵਿੱਚ ਲਾਗੂ ਕੀਤਾ ਜਾਵੇਗਾ। ਉਨ੍ਹਾਂ ਨਵੀਂ ਸਿੱਖਿਆ ਨੀਤੀ ਅਨੁਸਾਰ ਭਾਸ਼ਾ ਸਿਖਲਾਈ ਵਿੱਚ ਯੋਗਤਾ-ਆਧਾਰਿਤ ਮੁਲਾਂਕਣ 'ਤੇ ਜ਼ੋਰ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਵਰਕਸ਼ਾਪ ਦੇ ਵਿਸ਼ੇਸ਼ ਫੀਡਬੈਕ ਸੈਸ਼ਨ ਦੌਰਾਨ ਭਾਗ ਲੈਣ ਵਾਲੇ ਅਧਿਆਪਕਾਂ ਨੇ ਦੱਸਿਆ ਕਿ ਇਸ ਪ੍ਰੋਗਰਾਮ ਨਾਲ ਉਨ੍ਹਾਂ ਦੀ ਵਿਗਿਆਨਕ ਪ੍ਰੀਖਿਆ ਨਿਰਮਾਣ, ਬਲੂਪ੍ਰਿੰਟ ਤਿਆਰ ਕਰਨ, ਯੋਗਤਾ-ਆਧਾਰਿਤ ਮੁਲਾਂਕਣ ਅਤੇ ਏ.ਆਈ. ਦੀ ਮਦਦ ਨਾਲ ਪ੍ਰਸ਼ਨ ਤਿਆਰ ਕਰਨ ਦੀ ਸਮਝ ਵਿੱਚ ਬਹੁਤ ਵਾਧਾ ਹੋਇਆ ਹੈ। ਸਮਾਪਤੀ ਸਮਾਰੋਹ ਦੌਰਾਨ ਮੇਜਰ ਜਨਰਲ ਜੀ. ਐੱਸ. ਲਾਂਬਾ ਵੱਲੋਂ ਐੱਨ.ਆਰ.ਐੱਲ.ਸੀ. ਪਟਿਆਲਾ ਦੇ ਪ੍ਰਿੰਸੀਪਲ ਡਾ. ਪਵਨ ਟਿੱਬਾ ਅਤੇ ਮਾਹਿਰ ਬੁਲਾਰੇ ਸ਼੍ਰੀ ਰਾਜੇਂਦਰ ਰੈਨਾ ਨੂੰ ਵਿਸ਼ੇਸ਼ ਯੋਗਦਾਨ ਲਈ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵਰਕਸ਼ਾਪ ਦੇ ਸੰਯੋਜਕ ਅਤੇ ਐਜੂਕੇਸ਼ਨ ਵਿਭਾਗ ਦੇ ਮੁਖੀ ਡਾ. ਰਸ਼ਿਮ ਵਾਧਵਾ ਅਤੇ ਕੋਆਰਡੀਨੇਟਰ ਡਾ. ਸਜਾਦ ਅਹਿਮਦ ਤੇਲੀ ਨੂੰ ਵੀ ਇਸ ਰਾਸ਼ਟਰੀ ਪੱਧਰ ਦੇ ਪ੍ਰੋਗਰਾਮ ਦੇ ਸਫ਼ਲ ਆਯੋਜਨ ਲਈ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਮੰਚ ਤੋਂ ਆਏ ਹੋਏ ਮਹਿਮਾਨਾਂ, ਵਿਸ਼ੇਸ਼ ਬੁਲਾਰਿਆਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ।

## ਨਿਊਟਰੀ ਕੁਲਚੇ ਚੋਂ ਸੁੰਡੀਆਂ ਨਿਕਲਣ ਦੀ ਵਾਇਰਲ ਵੀਡੀਓ ਤੇ ਚਰਚਾ ਸਹਿਰ ਵਾਸੀਆਂ ਨੇ ਸਿਹਤ ਵਿਭਾਗ ਕੋਲੋਂ

# ਫਾਸਟ-ਫੂਡ ਦੀਆਂ ਆਮ ਲੱਗੀਆਂ ਰੇਹੜੀਆਂ ਦੀ ਚੈਕਿੰਗ ਦੀ ਕੀਤੀ ਮੰਗ



**ਕਈ ਕਈ ਦਿਨ ਵਰਤਿਆ ਜਾਂਦਾ ਕੜਾਹੀ ਵਾਲਾ ਤੇਲ ਲੋਕਾਂ ਦੀ ਸਿਹਤ ਨਾਲ ਕੀਤਾ ਜਾਂਦਾ ਖਿਲਵਾੜ**

**ਜੰਡਿਆਲਾ ਗੁਰੂ, 1 ਅਗਸਤ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਸ਼ਹਿਰ ਵਿੱਚ ਫਾਸਟ ਫੂਡ ਦੀਆਂ ਕਾਫੀ ਜਿਆਦਾ ਰੇਹੜੀਆਂ ਅਤੇ ਦੁਕਾਨਾਂ ਹਨ ਜਿਥੇ ਕਿ ਕਈ ਪ੍ਰਕਾਰ ਦੀਆਂ ਖੱਟੀਆਂ ਮਿੱਠੀਆਂ ਤਲੀਆਂ ਹੋਈਆਂ ਖਾਣ ਪੀਣ ਵਾਲੀਆਂ ਚੀਜ਼ਾਂ ਮਿਲਦੀਆਂ ਹਨ। ਇਹਨਾਂ ਦੁਕਾਨਾਂ ਜਾਂ ਰੇਹੜੀਆਂ ਤੇ ਦੇਖਿਆ ਜਾਂਦਾ ਹੈ ਕਿ ਇਕ ਉਹੀ ਕੜਾਹੀ ਜਿਸ ਵਿੱਚ ਉਸ ਇੱਕੋ ਤੇਲ ਵਿੱਚ ਲਗਾਵਾਰ ਚੀਜ਼ ਬਣਾਈ ਜਾਂਦੀ ਹੈ ਅਤੇ ਤੇਲ ਬਦਲਿਆ ਨਹੀਂ ਜਾਂਦਾ। ਆਮ ਤੌਰ ਤੇ ਦੇਖਿਆ ਜਾਂਦਾ ਹੈ ਕਿ ਇੱਥੇ ਬਿਨਾਂ ਢੱਕੇ ਮਸਾਲੇ , ਬਾਸੀ ਚਟਣੀਆਂ, ਉਸੇ ਕੱਪੜੇ ਨਾਲ ਭਾਂਡੇ ਸਾਫ ਕਰਨੇ, ਹੱਥ ਧੋਣ ਲਈ ਪਾਣੀ ਨਾ ਹੋਣਾ, ਕੋਲ ਹੀ ਕੂੜੇ ਦੇ ਢੇਰ ਲੱਗੇ ਹੋਣੇ, ਭਾਂਡੇ ਧੋਣ ਵਾਲਾ ਗੰਦਾ ਪਾਣੀ ਜਿਸ ਵਿੱਚ ਹਰੇਕ ਦੇ ਜੂਠੇ ਭਾਂਡੇ ਨੂੰ ਸਾਫ ਕੀਤਾ ਜਾਂਦਾ, ਮਖੀ ਮੱਛਰ ਦੀ ਭਰਮਾਰ ਆਦਿ ਦੇਖੀ ਜਾਂਦੀ ਹੈ। ਬੀਤੇ ਕੱਲ੍ਹ ਜੰਡਿਆਲਾ ਗੁਰੂ ਵਿੱਚ ਇੱਕ ਨਿਊਟਰੀ ਕੁਲਚੇ ਦੇ ਵਿੱਚੋਂ ਸੁੰਡੀਆਂ ਨਿਕਲਣ ਵਾਲੀ ਵੀਡੀਓ ਕਾਫੀ ਵਾਇਰਲ ਹੋ ਰਹੀ ਹੈ ਦੱਸਿਆ ਜਾਂਦਾ ਹੈ ਕਿ ਇਹ ਵੀਡੀਓ ਮਸੂਲੀਆਂ ਦਰਵਾਜੇ ਦੇ ਕੋਲ ਸਥਿਤ ਇਕ ਦੁਕਾਨ ਵਾਲੇ ਤੋਂ ਲਏ ਗਏ ਸਮਾਨ ਦੌਰਾਨ ਦੇਖੀ ਗਈ ਹੈ ਇਸ ਬਾਬਤ ਸ਼ਹਿਰ ਵਾਸੀਆਂ ਵਿੱਚ ਕਾਫੀ ਡਰ ਪੈਦਾ ਹੋ ਗਿਆ ਹੈ ਕਿਉਂਕਿ ਅਜਿਹੀਆਂ ਗੰਦੀਆਂ ਚੀਜ਼ਾਂ ਖਾਣ ਨਾਲ ਟਾਈਫਾਈਡ, ਹੈਪੀਟਾਈਟਿਸ,

ਆਵਾਜ਼ਿ ਕੌਮ AWAZE QAUM International Newspaper & WEB TV

ਫੂਡ ਪੋਜਨਿੰਗ, ਪੇਟ ਵਿੱਚ ਕੀੜੇ , ਟੱਟੀਆਂ ਵਰਗੀਆਂ ਬਿਮਾਰੀਆਂ ਆਦਿ ਲੱਗ ਜਾਂਦੀਆਂ ਹਨ। ਇਹ ਸ਼ਹਿਰ ਵਾਸੀਆਂ ਲਈ ਦੋ ਮਿੰਟ ਦਾ ਸਵਾਦ ਨਹੀਂ ਬਲਕਿ ਸਿਹਤ ਅਤੇ ਜਾਨ ਨੂੰ ਖਤਰਾ ਵੀ ਹੈ। ਦੋ ਮਿੰਟ ਦੇ ਸਵਾਦ ਦੇ ਕਾਰਨ ਦੋ ਮਹੀਨੇ ਦਵਾਈਆਂ ਜਾਂ ਲੰਮਾ ਸਮਾਂ ਬਿਮਾਰ ਰਹਿਣਾ ਅਤੇ ਹਸਪਤਾਲਾਂ ਦੇ ਚੱਕਰਾਂ ਵਿੱਚ ਰਹਿਣਾ ਪੈ ਸਕਦਾ ਹੈ। ਸ਼ਹਿਰ ਵਾਸੀਆਂ ਦੀ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਹੈ ਕਿ ਸਿਰਫ ਦਿਵਾਲੀ ਦੇ ਦਿਨਾਂ ਵਿੱਚ ਹੀ ਛਾਪੇਮਾਰੀ ਨਾ ਕੀਤੀ ਜਾਵੇ ਬਲਕਿ ਅਜਿਹੀਆਂ ਦੁਕਾਨਾਂ ਤੇ ਵੀ ਰੈਗੂਲਰ ਚੈਕਿੰਗ ਕੀਤੀ ਜਾਵੇ ਤਾਂ ਜੋ ਲੋਕਾਂ ਦੀ ਸਿਹਤ ਦੇ ਨਾਲ ਹੋ ਰਹੇ ਖਿਲਵਾੜ ਤੋਂ ਬਚਿਆ ਜਾ ਸਕੇ। ਇਥੇ ਇਹ ਦਸਣਯੋਗ ਹੈ ਜੰਡਿਆਲਾ ਗੁਰੂ ਲੋਕਲ ਬੱਸ ਸਟੈਂਡ ਵੀ ਹੁਣ ਰੇਹੜੀ ਮਾਰਕੀਟ ਦੇ ਨਾਮ ਨਾਲ ਮਸ਼ਹੂਰ ਹੋ ਚੁੱਕਾ ਹੈ ਜਿੱਥੇ ਰਾਤ ਸਮੇਂ ਅਜਿਹੀਆਂ ਫਾਸਟ ਫੂਡ ਵਗੈਰਾ ਦੀਆਂ ਰੇਹੜੀਆਂ ਆਮ ਦੇਖੀਆਂ ਜਾ ਸਕਦੀਆਂ ਹਨ।

# ਸੇਂਟ ਸੋਲਜਰ ਸਕੂਲ ਵਿਖੇ ਇਨਕਲਾਬੀ ਯੋਧੇ ਸ਼ਹੀਦ ਊਧਮ ਸਿੰਘ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ

## ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਜੀ ਦੇ ਜੀਵਨ ਤੇ ਦੇਸ਼ ਦੀ ਸੇਵਾ ਕਰਨ ਲਈ ਵਚਨਬੱਧ ਰਹਿਣ ਲਈ ਉਤਸਾਹਿਤ ਕੀਤਾ



**ਜੰਡਿਆਲਾ ਗੁਰੂ, 1 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸ਼ਹੀਦ ਊਧਮ ਸਿੰਘ ਜੀ ਦੀ ਦੇਸ਼ ਪ੍ਰਤੀ ਕੁਰਬਾਨੀ ਨੂੰ, ਉਹਨਾਂ ਦੀ ਸ਼ਹੀਦੀ ਨੂੰ ਬੜੀ ਸ਼ਰਧਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਯਾਦ ਕੀਤਾ ਗਿਆ। ਇਸ ਸਬੰਧੀ ਸਕੂਲ ਦੇ ਆਡੀਟੋਰੀਅਮ ਵਿੱਚ ਇੱਕ ਪ੍ਰੋਗਰਾਮ ਰੱਖਿਆ ਗਿਆ। ਜਿਸ ਵਿੱਚ ਸਕੂਲ ਦੇ ਪੰਜ ਹਾਊਸਾਂ( ਡੇਜ਼ੀ, ਰੋਜ਼, ਲਿਲੀ, ਲੋਟਸ, ਪੈਨਜੀ) ਵਿਚਕਾਰ ਊਧਮ ਸਿੰਘ ਜੀ ਦੀ ਸ਼ਹੀਦੀ ਨਾਲ ਸੰਬੰਧਿਤ ਗਰੁੱਪ ਗੀਤ ਅਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨਾਂ ਰਾਹੀਂ ਮਹਾਨ ਸ਼ਹੀਦ ਨੂੰ ਦਿਲੋਂ ਸ਼ਰਧਾਂਜਲੀ ਭੇਂਟ ਕੀਤੀ। ਇਹਨਾਂ ਮੁਕਾਬਲਿਆਂ ਵਿੱਚ ਗਰੁੱਪ ਗੀਤ ਕੈਟੇਗਰੀ ਵਿੱਚ ਰੋਜ਼ ਹਾਊਸ ਨੇ ਪਹਿਲਾ ਇਨਾਮ, ਲਿਲੀ ਹਾਊਸ ਨੇ ਦੂਸਰਾ ਇਨਾਮ ਅਤੇ ਲੋਟਸ ਨੇ ਤੀਸਰਾ ਇਨਾਮ ਹਾਸਲ ਕੀਤਾ। ਇਸੇ ਤਰ੍ਹਾਂ ਕਵੀਸ਼ਰੀ ਮੁਕਾਬਲਿਆਂ ਵਿੱਚ ਡੇਜ਼ੀ ਹਾਊਸ ਨੇ ਪਹਿਲਾ ਇਨਾਮ, ਲੋਟਸ ਹਾਊਸ ਨੇ ਦੂਸਰਾ ਇਨਾਮ ਅਤੇ ਲਿਲੀ ਹਾਊਸ ਨੇ ਤੀਸਰਾ ਇਨਾਮ ਹਾਸਿਲ ਕੀਤਾ। ਇਹਨਾਂ ਮੁਕਾਬਲਿਆਂ ਦੀ ਜਜਮੈਂਟ ਦੀ ਭੂਮਿਕਾ ਸ. ਪ੍ਰਿਤਪਾਲ ਸਿੰਘ (ਭਗਤ ਨਾਮਦੇਵ ਥੀਏਟਰ ਘੁਮਾਣ), ਸ. ਹਰਜੋਤ ਸਿੰਘ (ਲੈਕਚਰਾਰ ਮਿਊਜਿਕ), ਅਤੇ ਸ. ਸੁਖਵਿੰਦਰ ਪਾਲ ਸਿੰਘ (ਲੈਕਚਰਾਰ ਮਿਊਜਿਕ )ਜੀ ਨੇ ਬਾਖੂਬੀ ਨਿਭਾਈ।. ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ.ਮਾਨ ਸਿੰਘ ਧੁੰਮ ( ਉਪ ਪ੍ਰਧਾਨ ਕੰਬੋਜ ਫਾਊਂਡੇਸ਼ਨ )ਅਤੇ ਉਨਾਂ ਦੀ ਧਰਮ ਪਤਨੀ ਪ੍ਰਿੰਸੀਪਲ ਸਵਿੰਦਰ ਕੌਰ ਜੀ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ। ਉਨਾਂ ਦੀ ਮੌਜੂਦਗੀ ਅਤੇ ਪ੍ਰੇਰਨਾਦਾਇਕ ਸ਼ਬਦਾਂ ਨੇ ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਦੁਆਰਾ ਦਿਖਾਈ ਗਈ ਹਿੰਮਤ ,ਦੇਸ਼ ਭਗਤੀ ਅਤੇ ਦੇਸ਼ ਪ੍ਰਤੀ ਸੇਵਾਵਾਂ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਵਿੱਚ ਉਤਸ਼ਾਹਿਤ ਕੀਤਾ।। ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਡਾ.ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਨੂੰ ਮੋਮੈਂਟੋ ਭੇਂਟ ਕਰਕੇ ਉਹਨਾਂ ਦੀ ਸ਼ਾਨਦਾਰ ਮੌਜੂਦਗੀ ਲਈ ਤਹਿ ਦਿਲ ਤੋਂ ਧੰਨਵਾਦ ਕੀਤਾ। । ਉਹਨਾਂ ਨੇ ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਜੀ ਦੀ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਅਤੇ ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਜੀ ਦੇ ਜੀਵਨ ਅਤੇ ਕੁਰਬਾਨੀ ਤੋਂ ਪ੍ਰੇਰਨਾ ਲੈਣ ਲਈ, ਸਮਰਪਣ, ਇਮਾਨਦਾਰੀ ਅਤੇ ਦੇਸ਼ ਦੀ ਸੇਵਾ ਕਰਨ ਲਈ ਵਚਨਬੱਧ ਰਹਿਣ ਲਈ ਉਤਸਾਹਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਸ਼ਿਲਪਾ ਸ਼ਰਮਾ , ਕੁਆਰਡੀਨੇਟਰ ਨੀਲਾਕਸ਼ੀ ਗੁਪਤਾ , ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।।

ਆਵਾਜ਼ਿ ਕੌਮ AWAZE QAUM International Newspaper & WEB TV

# ਈ 20 ਪੈਟਰੋਲ ਨੀਤੀ 'ਤੇ ਸਿਆਸੀ ਟਕਰਾਅ ਤੇਜ਼: 2 ਲੱਖ ਦਸਤਖ਼ਤਾਂ ਨਾਲ 4 ਅਗਸਤ ਨੂੰ ਪ੍ਰਧਾਨ ਮੰਤਰੀ ਨਿਵਾਸ ਵਲ ਮਾਰਚ ਕਰਣਗੇ ਅਰਵਿੰਦ ਕੇਜਰੀਵਾਲ

ਨਵੀਂ ਦਿੱਲੀ, 1 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਈ 20 ਪੈਟਰੋਲ ਨੀਤੀ ਨੂੰ ਲੈ ਕੇ ਦੇਸ਼ ਦੀ ਸਿਆਸਤ ਇੱਕ ਵਾਰ ਫਿਰ ਗਰਮਾ ਗਈ ਹੈ। ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਐਲਾਨ ਕੀਤਾ ਹੈ ਕਿ ਉਹ ਮੰਗਲਵਾਰ, 4 ਅਗਸਤ ਨੂੰ ਦੁਪਹਿਰ 12 ਵਜੇ 100 ਮੈਂਬਰੀ ਵਫ਼ਦ ਦੇ ਨਾਲ ਪ੍ਰਧਾਨ ਮੰਤਰੀ ਨਿਵਾਸ ਵਲ ਮਾਰਚ ਕਰਦੇ ਪਹੁੰਚਣਗੇ ਅਤੇ ਈ 20 ਨੀਤੀ ਦੇ ਵਿਰੋਧ ਵਿੱਚ ਚਲਾਈ ਗਈ ਮੁਹਿੰਮ ਦੌਰਾਨ ਇਕੱਠੇ ਕੀਤੇ ਗਏ ਕਰੀਬ 2 ਲੱਖ ਲੋਕਾਂ ਦੇ ਦਸਤਖ਼ਤਾਂ ਵਾਲਾ ਮੰਗ-ਪੱਤਰ ਪ੍ਰਧਾਨ ਮੰਤਰੀ ਨੂੰ ਸੌਂਪਣਗੇ। ਕੇਜਰੀਵਾਲ ਨੇ ਕਿਹਾ ਕਿ ਇਹ ਕਿਸੇ ਇੱਕ ਸਿਆਸੀ ਪਾਰਟੀ ਦਾ ਨਹੀਂ, ਸਗੋਂ ਦੇਸ਼ ਦੇ ਆਮ ਲੋਕਾਂ ਦੀ ਆਵਾਜ਼ ਦਾ ਮਾਮਲਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਈ 20 ਪੈਟਰੋਲ ਨੀਤੀ ਕਾਰਨ ਆਮ ਵਾਹਨ ਮਾਲਕਾਂ 'ਤੇ ਵਾਧੂ ਆਰਥਿਕ ਬੋਝ ਪੈ ਰਿਹਾ ਹੈ ਅਤੇ ਕਈ ਵਾਹਨ ਚਾਲਕ ਗੱਡੀਆਂ ਦੀ ਕਾਰਗੁਜ਼ਾਰੀ ਪ੍ਰਭਾਵਿਤ ਹੋਣ ਦੀਆਂ ਸ਼ਿਕਾਇਤਾਂ ਵੀ ਕਰ ਰਹੇ ਹਨ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਈ 20 ਨੀਤੀ ਸਬੰਧੀ ਕਰਵਾਏ ਗਏ ਸਾਰੇ ਵਿਗਿਆਨਕ ਅਤੇ ਤਕਨੀਕੀ ਅਧਿਐਨ ਜਨਤਕ ਕੀਤੇ ਜਾਣ, ਤਾਂ ਜੋ ਲੋਕਾਂ ਦੇ ਮਨ ਵਿੱਚ ਉੱਠ ਰਹੇ ਸਵਾਲਾਂ ਦੇ ਪਾਰਦਰਸ਼ੀ ਢੰਗ ਨਾਲ ਜਵਾਬ ਮਿਲ ਸਕਣ। ਕੇਜਰੀਵਾਲ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਲੋਕਾਂ ਦੀਆਂ ਚਿੰਤਾਵਾਂ ਨੂੰ ਅਣਡਿੱਠਾ ਕਰਦੀ ਹੈ ਤਾਂ ਇਸ ਨੀਤੀ ਵਿਰੁੱਧ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।



# ਕਰਤਾਰਪੁਰ ਲਾਂਘਾ ਬੰਦ ਰੱਖਣਾ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਸਿੱਧਾ ਹਮਲਾ: ਸਿਮਰਨਜੀਤ ਸਿੰਘ ਮਾਨ



ਨਵੀਂ ਦਿੱਲੀ, 1 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਕਰਤਾਰਪੁਰ ਸਾਹਿਬ ਲਾਂਘਾ ਲੰਬੇ ਸਮੇਂ ਤੋਂ ਬੰਦ ਰੱਖਣ ਨੂੰ ਸਿੱਖ ਕੌਮ ਦੀ ਧਾਰਮਿਕ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਕਿਹਾ ਕਿ ਸੁਰੱਖਿਆ ਦਾ ਬਹਾਨਾ ਬਣਾਕੇ ਸਿੱਖ ਸ਼ਰਧਾਲੂਆਂ ਨੂੰ ਆਪਣੇ ਪਵਿੱਤਰ ਗੁਰਧਾਮਾਂ ਦੇ ਦਰਸ਼ਨਾਂ ਤੋਂ ਵਾਂਝਾ ਰੱਖਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਿੱਖ ਕੌਮ ਦਾ ਕੋਈ ਦੋਸ਼ ਨਹੀਂ, ਫਿਰ ਵੀ ਸਜ਼ਾ ਸਿੱਖਾਂ ਨੂੰ ਦਿੱਤੀ ਜਾ ਰਹੀ ਹੈ। ਮਾਨ ਨੇ ਕਿਹਾ ਕਿ ਜੇ ਹੋਰ ਧਰਮਾਂ ਦੇ ਲੋਕਾਂ ਨੂੰ ਆਪਣੇ ਧਾਰਮਿਕ ਅਸਥਾਨਾਂ 'ਤੇ ਜਾਣ ਦੀ ਪੂਰੀ ਆਜ਼ਾਦੀ ਹੈ ਤਾਂ ਸਿੱਖਾਂ ਦੇ ਧਾਰਮਿਕ ਹੱਕਾਂ 'ਤੇ ਪਾਬੰਦੀਆਂ ਲਗਾਉਣਾ ਪੱਖਪਾਤੀ ਸੋਚ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਕੂਟਨੀਤਕ ਰਾਹੀਂ ਸੁਰੱਖਿਆ ਨਾਲ ਜੁੜੇ ਮੁੱਦਿਆਂ ਦਾ ਹੱਲ ਕੱਢਿਆ ਜਾ ਸਕਦਾ ਹੈ, ਪਰ ਧਾਰਮਿਕ ਯਾਤਰਾਵਾਂ ਨੂੰ ਅਣਮਿੱਥੇ ਸਮੇਂ ਲਈ ਰੋਕਣਾ ਸਵੀਕਾਰਯੋਗ ਨਹੀਂ। ਮਾਨ ਨੇ ਦੋਸ਼ ਲਗਾਇਆ ਕਿ ਕਰਤਾਰਪੁਰ ਲਾਂਘੇ ਨੂੰ ਬੰਦ ਰੱਖਣ ਦੇ ਨਾਲ-ਨਾਲ ਪੰਜਾਬ ਨਾਲ ਜੁੜੇ ਕਈ ਅਹਿਮ ਮਸਲੇ ਵੀ ਲੰਬੇ ਸਮੇਂ ਤੋਂ ਅਣਸੁਲਝੇ ਪਏ ਹਨ। ਉਨ੍ਹਾਂ ਕਿਹਾ ਕਿ ਐਸਜੀਪੀਸੀ ਚੋਣਾਂ, ਪੰਜਾਬ ਦੇ ਪਾਣੀਆਂ, ਚੰਡੀਗੜ੍ਹ, ਪੰਜਾਬੀ ਬੋਲਦੇ ਇਲਾਕਿਆਂ ਅਤੇ ਸਿੱਖਾਂ ਨਾਲ ਸਬੰਧਤ ਹੋਰ ਮਸਲਿਆਂ ਨੂੰ ਵੀ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਿੱਖ ਕੌਮ ਵਿੱਚ ਬੇਚੈਨੀ ਅਤੇ ਰੋਸ ਵਧ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਧਾਰਮਿਕ ਅਧਿਕਾਰਾਂ ਨੂੰ ਸੁਰੱਖਿਆ ਦੇ ਨਾਂ ਹੇਠ ਸੀਮਤ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਕਰਤਾਰਪੁਰ ਸਾਹਿਬ ਲਾਂਘਾ ਤੁਰੰਤ ਖੋਲ੍ਹਣਾ ਚਾਹੀਦਾ ਹੈ ਅਤੇ ਪੰਜਾਬ ਨਾਲ ਸਬੰਧਤ ਲੰਬਿਤ ਮਸਲਿਆਂ ਦੇ ਹੱਲ ਲਈ ਵੀ ਠੋਸ ਕਦਮ ਚੁੱਕਣੇ ਚਾਹੀਦੇ ਹਨ, ਨਹੀਂ ਤਾਂ ਸਿੱਖ ਕੌਮ ਵਿੱਚ ਪੈਦਾ ਹੋ ਰਹੀ ਨਾਰਾਜ਼ਗੀ ਹੋਰ ਗੰਭੀਰ ਰੂਪ ਧਾਰ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV